SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 193 | Tuesday, 22 October 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਐਡਮਿੰਟਨ ਪਬਲਿਕ ਸਕੂਲ ਦਾ ਸਹਾਇਕ ਸਟਾਫ ਵੀਰਵਾਰ ਨੂੰ ਕਰੇਗਾ ਹੜਤਾਲ

ਐਡਮਿੰਟਨ, 21 ਅਕਤੂਬਰ (ਪੋਸਟ ਬਿਊਰੋ): ਐਡਮਿੰਟਨ ਪਬਲਿਕ ਸਕੂਲ ਦੇ ਸਹਾਇਕ ਕਰਮਚਾਰੀ ਵੀਰਵਾਰ ਨੂੰ ਹੜਤਾਲ 'ਤੇ ਜਾਣਗੇ। ਸੀਯੂਪੀਈ ਲੋਕਲ 3550 ਦੇ 97 ਫ਼ੀਸਦੀ ਪਾਤਰ ਮੈਂਬਰਾਂ ਨੇ ਪਿਛਲੇ ਹਫ਼ਤੇ ਹੜਤਾਲ ਦੇ ਪੱਖ ਵਿੱਚ ਵੋਟ ਕੀਤਾ। ਹੜਤਾਲ ਦੀ ਸੂਚਨਾ ਸ਼ੁੱਕਰਵਾਰ ਨੂੰ ਦਿੱਤੀ ਗਈ।




ਸੀਯੂਪੀਈ ਲੋਕਲ 3550 ਦੀ ਪ੍ਰਧਾਨ ਮੈਂਡੀ ਲੈਮੌਰੇਕਸ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਹ ਨਤੀਜਾ ਨਿਰਪੱਖ ਸਮੂਹਕ ਸੌਦੇਬਾਜ਼ੀ ਸਮਝੌਤੇ ਨੂੰ ਪ੍ਰਾਪਤ ਕਰਨ ਲਈ ਮੈਂਬਰਾਂ ਦੇ ਸੰਕਲਪ ਵਿੱਚ ਅਵਿਸ਼ਵਾਸਯੋਗ ਤਾਕਤ ਦਿਖਾਉਂਦਾ ਹੈ।

ਐਡਮਿੰਟਨ ਪਬਲਿਕ ਸਕੂਲ ਦੇ ਬੁਲਾਰੇ ਨੇ ਸੋਮਵਾਰ ਸਵੇਰੇ ਇੱਕ ਬਿਆਨ ਵਿੱਚ ਦੱਸਿਆ ਕਿ ਡਿਵੀਜ਼ਨ 2022 ਤੋਂ ਸੀਯੂਪੀਈ 3550 ਦੇ ਨਾਲ ਸੌਦੇਬਾਜ਼ੀ ਕਰ ਰਿਹਾ ਹੈ ਅਤੇ ਵਿਚੋਲਗੀ ਲਈ ਵਿਅਕਤੀ ਨੂੰ ਸ਼ਾਮਿਲ ਕਰਨ ਸਮੇਤ ਪ੍ਰਮੁੱਖ ਮੁੱਦਿਆਂ ਨੂੰ ਹੱਲ ਕਰਨ ਲਈ ਕਦਮ ਚੁੱਕੇ ਹਨ। ਅਸੀਂ ਵਿਦਿਆਰਥੀਆਂ ਦੀ ਸਫਲਤਾ ਦਾ ਸਮਰਥਨ ਕਰਨ ਲਈ ਹਰ ਦਿਨ ਸਹਾਇਕ ਕਰਮਚਾਰੀਆਂ ਦੁਆਰਾ ਕੀਤੇ ਜਾਣ ਵਾਲੇ ਅਵਿਸ਼ਵਾਸਯੋਗ ਕੰਮ ਦੀ ਪ੍ਰਸ਼ੰਸਾ ਕਰਦੇ ਹਾਂ। ਅਸੀਂ ਸਥਾਨਕ ਲੋਕਾਂ ਨੂੰ ਇੱਕ ਸਮਝੌਤੇ 'ਤੇ ਪਹੁੰਚਣ ਲਈ ਗੱਲਬਾਤ ਦੀ ਟੇਬਲ 'ਤੇ ਵਾਪਿਸ ਆਉਣ ਲਈ ਸਦਾ ਭੇਜਦੇ ਹਾਂ। ਹੜਤਾਲ ਵਿੱਚ ਪ੍ਰਸ਼ਾਸਨਕੀ ਅਤੇ ਵਿਦਿਅਕ ਸਹਾਇਕ, ਭੋਜਨ ਤਿਆਰ ਕਰਨ ਵਾਲੇ ਅਤੇ ਲਾਇਬ੍ਰੇਰੀ ਤਕਨੀਸ਼ੀਅਨ ਵਰਗੇ 3,000 ਸਹਾਇਕ ਕਰਮਚਾਰੀ ਸ਼ਾਮਿਲ ਹੋ ਸਕਦੇ ਹਨ। ਸਕੂਲ ਡਿਵੀਜ਼ਨ ਨੇ ਕਿਹਾ ਕਿ ਇਸ ਹਫ਼ਤੇ ਪਰਿਵਾਰਾਂ ਦੇ ਨਾਲ ਬਿਨ੍ਹਾਂ ਕਾਰਨਾਂ ਯੋਜਨਾਵਾਂ ਸਾਂਝੀਆਂ ਕੀਤਆਂ ਜਾਣਗੀਆਂ।

## ਅਲਬਰਟਾ ਬਾਸਕੇਟਬਾਲ ਕੋਚ ਬਾਲ ਪੋਰਨੋਗਰਾਫੀ ਦਾ ਦੋਸ਼ੀ ਕਰਾਰ

ਐਡਮਿੰਟਨ, 21 ਅਕਤੂਬਰ (ਪੋਸਟ ਬਿਊਰੋ): ਸਟੋਨੀ ਪਲੇਨ ਬਾਸਕੇਟਬਾਲ ਕੋਚ ਨੂੰ ਬਾਲ ਪੋਰਨੋਗਰਾਫੀ ਦੇ ਦੋਸ਼ਾਂ ਵਿੱਚ ਦੋਸ਼ੀ ਕਰਾਰ ਦਿੱਤਾ ਹੈ।

60 ਸਾਲਾ ਰੋਨਾਲਡ ਫੇਨਿਉਕ ਨੇ 16 ਅਕਤੂਬਰ ਨੂੰ ਕਿੰਗਜ਼ ਬੇਂਚ ਦੇ ਐਡਮਿੰਟਨ ਕੋਰਟ ਵਿੱਚ ਬਾਲ ਪੋਰਨੋਗਰਾਫੀ ਰੱਖਣ ਅਤੇ ਬਾਲ ਪੋਰਨੋਗਰਾਫੀ ਤੱਕ ਪਹੁੰਚ ਕਰਨ ਲਈ ਦੋਸ਼ੀ ਕਰਾਰ ਦਿੱਤਾ।

ਫੇਨਿਉਕ ਨੂੰ 19 ਜਨਵਰੀ, 2023 ਨੂੰ ਉਨ੍ਹਾਂ ਦੇ ਘਰੋਂ ਗ੍ਰਿਫ਼ਤਾਰ ਕੀਤਾ ਗਿਆ ਅਤੇ ਅਲਬਰਟਾ ਲਾਅ ਇੰਫੋਰਸਮੈਂਟ ਰਿਸਪਾਂਸ ਟੀਮ (ALERT) ਦੁਆਰਾ ਜਾਂਚ ਤੋਂ ਬਾਅਦ ਦੋਸ਼ੀ ਕਰਾਰ ਕੀਤਾ ਗਿਆ।



ਇਹ ਗ੍ਰਿਫ਼ਤਾਰੀ ਜੂਨ 2022 ਵਿੱਚ ਨੈਸ਼ਨਲ ਚਾਈਲਡ ਐਕਸਪਲਾਇਟੇਸ਼ਨ ਕ੍ਰਾਈਮ ਸੈਂਟਰ ਦੇ ਇੱਕ ਰੇਫਰਲ ਵਲੋਂ ਹੋਈ ਸੀ, ਜਿਸ ਵਿੱਚ ਅਲਬਰਟਾ ਦੇ ਇੱਕ ਅਣਪਛਾਤੇ ਸ਼ੱਕੀ ਦੁਆਰਾ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਬਾਲ ਯੌਨ ਸ਼ੋਸ਼ਣ ਸਮੱਗਰੀ ਅਪਲੋਡ ਕਰਨ ਬਾਰੇ ਦੱਸਿਆ ਗਿਆ ਸੀ। ਗ੍ਰਿਫ਼ਤਾਰੀ ਦੇ ਸਮੇਂ ਫੇਨਿਉਕ ਅਲਬਰਟਾ ਸਰਕਾਰ ਦਾ ਕਰਮਚਾਰੀ ਵੀ ਸੀ।

## ਕੈਨੇਡੀਅਨਜ਼ ਉਨ੍ਹਾਂ ਰਾਜਨੇਤਾਵਾਂ ਤੋਂ ਤੰਗ ਆ ਚੁੱਕੇ ਹਨ ਜੋ ਵੰਡ ਪਾਉਣ ਨੂੰ ਜਿੱਤ ਦਾ ਰਾਹ ਮੰਨਦੇ ਹਨ : ਕ੍ਰਿਸਟੀ ਕਲਾਰਕ

*ਕਿਹਾ- ਜੇਕਰ ਲਿਬਰਲ ਨੇਤਾ ਦਾ ਅਹੁਦਾ ਖਾਲੀ ਹੁੰਦਾ ਹੈ ਤਾਂ ਉਹ ਰਾਜਨੀਤੀ ਵਿੱਚ ਵਾਪਿਸੀ ਲਈ ਤਿਆਰ

ਓਟਵਾ, 21 ਅਕਤੂਬਰ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਜਸਟਿਨ ਟਰੂਡੋ 'ਤੇ ਅਹੁਦਾ ਛੱਡਣ ਦਾ ਦਬਾਅ ਵਧਦਾ ਜਾ ਰਿਹਾ ਹੈ। ਸਾਬਕਾ ਬੀ. ਸੀ. ਪ੍ਰੀਮੀਅਰ ਕ੍ਰਿਸਟੀ ਕਲਾਰਕ ਨੇ ਕਿਹਾ ਕਿ ਜੇਕਰ ਲਿਬਰਲ ਨੇਤਾ ਦਾ ਅਹੁਦਾ ਖਾਲੀ ਹੁੰਦਾ ਹੈ ਤਾਂ ਉਹ ਰਾਜਨੀਤੀ ਵਿੱਚ ਵਾਪਿਸੀ ਲਈ ਤਿਆਰ ਹਨ।

ਪਰ ਸੋਮਵਾਰ ਨੂੰ ਦਿੱਤੇ ਇੱਕ ਬਿਆਨ ਵਿੱਚ ਕਲਾਰਕ ਨੇ ਸਵੀਕਾਰ ਕੀਤਾ ਕਿ ਲਿਬਰਲ ਨੇਤਾ ਦਾ ਅਹੁਦਾ ਛੇਤੀ ਖਾਲੀ ਨਹੀਂ ਹੋਣ ਵਾਲਾ ਹੈ।

ਕਲਾਰਕ ਨੇ ਅੱਗੇ ਕਿਹਾ ਕਿ ਜੇਕਰ ਇਸ ਵਿੱਚ ਬਦਲਾਅ ਹੁੰਦਾ ਹੈ ਤਾਂ ਮੈਂ ਲਿਬਰਲ ਪਾਰਟੀ ਅਤੇ ਦੇਸ਼ ਦੀ ਭਵਿੱਖ ਦੀ ਦਿਸ਼ਾ 'ਤੇ ਚਰਚਾ ਦਾ ਹਿੱਸਾ



ਬਣਨਾ ਚਾਹਾਂਗੀ। ਆਪਣੇ ਬਿਆਨ ਵਿੱਚ ਕਲਾਰਕ ਨੇ ਇਹ ਵੀ ਕਿਹਾ ਕਿ ਉਹ ਦੇਸ਼ ਭਰ ਦੇ ਕੈਨੇਡੀਅਨਜ਼ ਅਤੇ ਲਿਬਰਲ ਲੋਕਾਂ ਦੀ ਆਵਾਜ਼ ਸੁਣ ਰਹੇ ਹਨ।

ਕਲਾਰਕ ਨੇ ਕਿਹਾ ਕਿ ਮੈਂ ਸੁਣ ਰਹੀ ਹਾਂ ਕਿ ਕੈਨੇਡੀਅਨਜ਼ ਉਨ੍ਹਾਂ ਰਾਜਨੇਤਾਵਾਂ ਤੋਂ ਤੰਗ ਆ ਚੁੱਕੇ ਹਨ ਜੋ ਸੋਚਦੇ ਹਨ ਕਿ ਵੰਡ ਪਾਉਣਾ ਜਿੱਤ ਦਾ ਇੱਕ ਰਾਹ ਹੈ। ਉਹ ਅਜਿਹੇ ਨੇਤਾ ਚਾਹੁੰਦੇ ਹਨ ਜੋ ਸਾਡੇ ਦੇਸ਼ ਨੂੰ ਸਾਡੇ ਸਾਹਮਣੇ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਦੇ ਪਿੱਛੇ ਇੱਕਜੁਟ ਕਰਨ।

## ਉੱਤਰੀ ਬੀ.ਸੀ. ਵਿੱਚ ਲਾਪਤਾ ਹੋਏ ਹਾਈਕਰ ਦੀ ਭਾਲ ਜਾਰੀ

ਵੈਨਕੂਵਰ, 21 ਅਕਤੂਬਰ (ਪੋਸਟ ਬਿਊਰੋ): ਮਾਊਂਟੀਜ ਦਾ ਕਹਿਣਾ ਹੈ ਕਿ ਉੱਤਰੀ ਬ੍ਰਿਟਿਸ਼ ਕੋਲੰਬੀਆ ਦੇ ਜੰਗਲ ਵਿੱਚ ਲਾਪਤਾ ਹੋਏ ਇੱਕ ਵਿਅਕਤੀ ਦੀ ਭਾਲ ਜਾਰੀ ਹੈ।

ਸੈਮ ਬੇਨਾਸਟਿਕ ਬਾਰੇ ਉਨ੍ਹਾਂ ਦੇ ਪਰਿਵਾਰ ਨੇ 19 ਅਕਤੂਬਰ ਨੂੰ ਰਿਪੋਰਟ ਕੀਤੀ ਸੀ ਕਿ ਉਹ ਲਾਪਤਾ ਹੈ, ਕਿਉਂਕਿ ਉਹ ਫੋਰਟ ਸੇਂਟ ਜੌਨ ਤੋਂ 200 ਕਿਲੋਮੀਟਰ ਉੱਤਰ-ਪੱਛਮ ਵਿੱਚ ਉੱਤਰੀ ਰਾਕੀ ਪਰਬਤਾਂ ਵਿੱਚ ਰੇਡਫਰਨ-



ਕੇਲੀ ਰਾਜਸੀ ਪਾਰਕ ਵਿੱਚ ਕੈਂਪਿੰਗ ਟਰਿਪ ਤੋਂ ਦੋ ਦਿਨ ਪਹਿਲਾਂ ਹੀ ਵਾਪਿਸ ਆ ਚੁੱਕਾ ਸੀ। ...ਬਾਕੀ ਪੰਨਾ 3 'ਤੇ

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends
Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



## ਅੱਜ ਨਾਮਾ

ਸਿਰਸਾ ਟੋਲੀ ਨੂੰ ਪੈਂਖੜ ਫਿਰ ਪੈਣ ਲੱਗਾ,
ਮਨਜ਼ੂਰੀ ਅੱਜ ਸਰਕਾਰ ਦੀ ਆਈ ਬੇਲੀ।
ਗ੍ਰਹਿ ਵਿਭਾਗ ਦੇ ਵਿੱਚ ਸੀ ਫਾਈਲ ਜਿੱਥੇ,
ਉਸ ਤੋਂ ਅੱਗੇ ਨੂੰ ਗਈ ਖਿਸਕਾਈ ਬੇਲੀ।
ਫਾਈਲ ਪੁਲਸ ਦੇ ਤੀਕ ਆ ਅੱਜ ਪਹੁੰਚੀ,
ਅਦਾਲਤ ਤੱਕ ਇਹ ਜਾਊ ਪੁਚਾਈ ਬੇਲੀ।
ਜਿਹੜੇ ਪਾਸੇ ਨੂੰ ਚੱਲ ਪਈ ਬਾਤ ਕਹਿੰਦੇ,
ਇਹ ਤਾਂ ਜਾਣੀ ਨਾ ਹੋਰ ਅਟਕਾਈ ਬੇਲੀ।
ਲੱਗਾ ਫਿਕਰ ਤਾਂ ਕਈਆਂ ਨੂੰ ਹੋਊ ਭਾਰਾ,
ਚੱਲਦੀ ਜਾਪਦੀ ਬਹੁਤ ਨਹੀਂ ਵਾਹ ਬੇਲੀ।
ਪਹੁੰਚ ਦਿੱਲੀ ਤੱਕ ਹੋਣੇ ਆ ਕਰਨ ਲੱਗੇ,
ਕਿਧਰੋਂ ਭਾਲਣ ਨੂੰ ਕੋਈ ਵੀ ਰਾਹ ਬੇਲੀ।

**ਤੀਸ ਮਾਰ ਖਾਂ**

# ਆਸਟ੍ਰੇਲੀਆ ਦੀ ਸੰਸਦ ’ਚ ਕਿੰਗ ਚਾਰਲਸ ਖਿਲਾਫ ਨਾਅਰੇਬਾਜ਼ੀ, ਸੰਸਦ ਮੈਂਬਰ ਨੇ ਕਿਹਾ-ਤੁਸੀਂ ਰਾਜਾ ਨਹੀਂ ਹੋ, ਸਾਡੇ ਲੋਕਾਂ ਦੇ ਕਾਤਲ ਹੋ

ਕੈਨਬਰਾ, 21 ਅਕਤੂਬਰ (ਪੋਸਟ ਬਿਊਰੋ): ਆਸਟ੍ਰੇਲੀਆ ਦੌਰੇ 'ਤੇ ਗਏ ਬ੍ਰਿਟੇਨ ਦੇ ਰਾਜਾ ਚਾਰਲਸ ਨੂੰ ਵਿਰੋਧ ਦਾ ਸਾਹਮਣਾ ਕਰਨਾ ਪਿਆ ਹੈ। ਕਿੰਗ ਚਾਰਲਸ ਸੋਮਵਾਰ ਨੂੰ ਆਸਟ੍ਰੇਲੀਆਈ ਸੰਸਦ 'ਚ ਭਾਸ਼ਣ ਦੇਣ ਪਹੁੰਚੇ ਸਨ। ਇਸ ਦੌਰਾਨ ਇੱਕ ਸੈਨੇਟਰ ਨੇ ਉਨ੍ਹਾਂ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਤੁਸੀਂ ਸਾਡੇ ਰਾਜਾ ਨਹੀਂ ਹੋ।

ਸੈਨੇਟਰ ਲਿਡੀਆ ਥੋਰਪ ਨੇ ਕਿਹਾ ਕਿ ਤੁਸੀਂ ਇੱਕ ਕਾਤਲ ਹੋ, ਤੁਸੀਂ ਸਾਡੇ ਲੋਕਾਂ ਦਾ ਕਤਲੇਆਮ ਕੀਤਾ ਹੈ। ਇਸ ਸਮੇਂ ਦੌਰਾਨ, ਲਿਡੀਆ ਨੇ ਰਾਜਾ ਚਾਰਲਸ ਨੂੰ ਉਨ੍ਹਾਂ ਦੀਆਂ ਜ਼ਮੀਨਾਂ, ਪੁਰਖਿਆਂ ਦੀਆਂ ਅਸਥੀਆਂ ਅਤੇ ਕਲਾਕ੍ਰਿਤੀਆਂ ਨੂੰ ਮੂਲ ਨਿਵਾਸੀਆਂ ਨੂੰ ਵਾਪਿਸ ਕਰਨ ਲਈ ਕਿਹਾ।



ਲਿਡੀਆ ਨੇ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਬ੍ਰਿਟਿਸ਼ ਸਾਮਰਾਜ ਨੇ ਉਨ੍ਹਾਂ ਦੀ ਧਰਤੀ ਨੂੰ ਬਰਬਾਦ ਕਰ ਦਿੱਤਾ ਹੈ।

ਕਿੰਗ ਚਾਰਲਸ ਦੇ ਵਿਰੋਧ 'ਚ ਨਿਕਲੀ ਲਿਡੀਆ ਰਵਾਇਤੀ ਕੱਪੜੇ ਪਾ ਕੇ ਸੰਸਦ ਪਹੁੰਚੇ ਸਨ। ਨਾਅਰੇਬਾਜ਼ੀ ਕਰਨ ਤੋਂ ਬਾਅਦ ਸੁਰੱਖਿਆ ਅਧਿਕਾਰੀ ਉਨ੍ਹਾਂ ਨੂੰ ਸੰਸਦ ਤੋਂ ਬਾਹਰ ਲੈ ਗਏ। ਸੰਸਦ ਦੇ ਬਾਹਰ ਮੀਡੀਆ ਨਾਲ ਗੱਲ ਕਰਦਿਆਂ ਲਿਡੀਆ ਨੇ ਕਿਹਾ ਕਿ ਜਦੋਂ ਤੱਕ ਕਿੰਗ ਆਸਟ੍ਰੇਲੀਆ ਦੇ ਓਪਚਾਰਿਕ ਮੁਖੀ ਬਣੇ ਰਹਿਣਗੇ, ਅਸੀਂ ਬ੍ਰਿਟਿਸ਼ ਸਾਮਰ-ਾਜ ਦਾ ਵਿਰੋਧ ਕਰਦੇ ਰਹਾਂਗੇ।

ਉਨ੍ਹਾਂ ਕਿਹਾ ਕਿ ਕਿਸੇ ਹੋਰ ਦੇਸ਼ ਦਾ ਰਾਜਾ ਸਾਨੂੰ ਹੁਕਮ ਨਹੀਂ ਦੇ ਸਕਦਾ। ਲਿਡੀਆ ਥੋਰਪ ਵਿਕਟੋਰੀਆ ਰਾਜ, ਆਸਟ੍ਰੇਲੀਆ ਤੋਂ ਇੱਕ ਆਜ਼ਾਦ ਸੈਨੇਟਰ ਹਨ। ਉਹ ਬ੍ਰਿਟਿਸ਼ ਰਾਜਸ਼ਾਹੀ ਦੇ ਵਿਰੁੱਧ ਬੋਲਣ ਲਈ ਜਾਣੇ ਜਾਂਦੇ ਹਨ।

2022 ਵਿੱਚ ਸੈਨੇਟਰ ਵਜੋਂ ਸਹੁੰ ਚੁੱਕਦਿਆਂ, ਉਨ੍ਹਾਂ ਨੇ ਬ੍ਰਿਟਿਸ਼ ਰਾਜੇ ਨੂੰ "ਬਸਤੀਵਾਦੀ ਮਹਾਰਾਜ" ਕਹਿ ਕੇ ਸੰਬੋਧਨ ਕੀਤਾ। ਇਸ ਤੋਂ ਬਾਅਦ ਉਨ੍ਹਾਂ ਨੂੰ ਦੁਬਾਰਾ ਸਹੁੰ ਚੁੱਕਣ ਲਈ ਕਿਹਾ ਗਿਆ।

ਕਿੰਗ ਚਾਰਲਸ ਕੈਂਸਰ ਤੋਂ ਠੀਕ ਹੋਣ ਤੋਂ ਬਾਅਦ ਆਪਣੇ ਪਹਿਲੇ ਵਿਦੇਸ਼ੀ ਦੌਰੇ 'ਤੇ ਹਨ। ਇਸ ਦੌਰੇ 'ਤੇ ਉਨ੍ਹਾਂ ਦੀ ਪਤਨੀ ਮਹਾਰਾਣੀ ਕੈਮਿਲਾ ਵੀ ਉਨ੍ਹਾਂ ਦੇ ਨਾਲ ਹਨ।

# ਦਿੱਲੀ ਮਹਿਲਾ ਕਮਿਸ਼ਨ ਦੇ ਠੇਕਾ ਮੁਲਾਜ਼ਮਾਂ ਨੂੰ ਤੁਰੰਤ ਪ੍ਰਭਾਵ ਨਾਲ ਹਟਾਉਣ ਦਾ ਹੁਕਮ

ਨਵੀਂ ਦਿੱਲੀ, 21 ਅਕਤੂਬਰ (ਪੋਸਟ ਬਿਊਰੋ): ਦਿੱਲੀ ਮਹਿਲਾ ਕਮਿਸ਼ਨ ਦੀ ਸਹਾਇਕ ਸਕੱਤਰ ਨੇ ਤੁਰੰਤ ਪ੍ਰਭਾਵ ਨਾਲ ਸਾਰੇ ਠੇਕੇ 'ਤੇ ਰੱਖੇ ਕਰਮਚਾਰੀਆਂ ਨੂੰ ਹਟਾਉਣ ਦਾ ਹੁਕਮ ਜਾਰੀ ਕੀਤਾ ਹੈ। ਇਹ ਆਦੇਸ਼ ਦਿੱਲੀ ਐੱਲ.ਜੀ. ਦੀ ਮਨਜ਼ੂਰੀ ਨਾਲ ਡਬਲਯੂਸੀਡੀ ਮੰਤਰਾਲੇ ਦੇ ਅਪ੍ਰੈਲ 2024 ਦੇ ਆਦੇਸ਼ ਦੀ ਪਾਲਣਾ ਵਿੱਚ ਪਾਸ ਕੀਤਾ ਗਿਆ ਹੈ।

ਦਿੱਲੀ ਮਹਿਲਾ ਕਮਿਸ਼ਨ ਦੇ ਸਾਰੇ ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਹਟਾਉਣ ਦਾ ਕਾਰਨ ਗੈਰ-ਕਾਨੂੰਨੀ ਅਸਾਮੀਆਂ ਸਿਰਜਣ ਦਾ ਮਾਮਲਾ ਹੈ। ਦੋਸ਼ ਹੈ ਕਿ ਠੇਕਾ ਮੁਲਾਜ਼ਮਾਂ ਦੀਆਂ ਅਸਾਮੀਆਂ ਗੈਰ-ਕਾਨੂੰਨੀ ਢੰਗ ਨਾਲ ਬਣਾਈਆਂ ਗਈਆਂ ਹਨ।




ਇਸ ਸਾਲ 29 ਅਪ੍ਰੈਲ ਨੂੰ ਵੀ ਠੇਕਾ ਮੁਲਾਜ਼ਮਾਂ ਖਿਲਾਫ ਵੱਡੀ ਕਾਰਵਾਈ ਕੀਤੀ ਗਈ ਸੀ। ਲੈਫਟੀਨੈਂਟ ਗਵਰਨਰ ਦੇ ਹੁਕਮਾਂ 'ਤੇ ਸਾਰੇ ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਹਟਾ ਦਿੱਤਾ ਗਿਆ ਹੈ। ਜਿਸ ਤੋਂ ਬਾਅਦ ਕਾਫੀ ਵਿਵਾਦ ਹੋਇਆ ਸੀ। 'ਆਪ' ਨੇਤਾ ਸਵਾਤੀ ਮਾਲੀਵਾਲ, ਮਹਿਲਾ ਕਮਿ-ਸ਼ਨ ਦੀ ਸਾਬਕਾ ਚੇਅਰਪਰਸਨ ਨੇ ਕਰਮਚਾਰੀਆਂ ਖਿਲਾਫ ਕਾਰਵਾਈ ਨੂੰ ਲੈ ਕੇ ਐੱਲਜੀ ਵੀਕੇ ਸਕਸੈਨਾ 'ਤੇ ਨਿਸ਼ਾਨਾ ਸਾਧਿਆ ਸੀ।

# ਇਜ਼ਰਾਈਲ ਨੇ ਕੀਤੇ ਹਿਜ਼ਬੁੱਲਾ ਦੇ ਬੈਂਕਾਂ ’ਤੇ ਹਵਾਈ ਹਮਲੇ, ਸੰਗਠਨ ਦਾ ਡਿਪਟੀ ਕਮਾਂਡਰ ਈਰਾਨ ਭੱਜਿਆ

ਬੇਰੂਤ, 21 ਅਕਤੂਬਰ (ਪੋਸਟ ਬਿਊਰੋ): ਇਜ਼ਰਾਈਲ ਫੌਜ ਨੇ ਐਤਵਾਰ ਰਾਤ ਲੇਬਨਾਨ ਵਿੱਚ ਹਿਜ਼ਬੁੱਲਾ ਨਾਲ ਜੁੜੇ ਬੈਂਕਾਂ ਨੂੰ ਨਿਸ਼ਾਨਾ ਬਣਾਇਆ। ਇਜ਼ਰਾਈਲ ਡਿਫੈਂਸ ਫੋਰਸ (ਆਈਡੀਐੱਫ) ਨੇ ਇਸ ਦੀ ਪੁਸ਼ਟੀ ਕੀਤੀ ਹੈ। ਟਾਈਮਜ਼ ਆਫ਼ ਇਜ਼ਰਾਈਲ ਅਨੁਸਾਰ, ਅਲ-ਕਰਦ ਅਲ-ਹਸਨ ਐਸੋਸੀਏਸ਼ਨ ਹਿਜ਼ਬੁੱਲਾ ਦੇ ਮੈਂਬਰਾਂ ਨੂੰ ਵਿਆਜ ਮੁਕਤ ਕਰਜ਼ੇ ਪ੍ਰਦਾਨ ਕਰਦੀ ਹੈ। ਪੂਰੇ ਲੇਬਨਾਨ ਵਿੱਚ ਇਸ ਦੀਆਂ 31 ਸ਼ਾਖਾਵਾਂ ਹਨ। ਇਨ੍ਹਾਂ 'ਚੋਂ ਕਿੰਨੀਆਂ ਸ਼ਾਖਾਵਾਂ 'ਤੇ ਹਮਲਾ ਹੋਇਆ ਹੈ, ਇਸ ਬਾਰੇ ਹਾਲੇ ਜਾਣਕਾਰੀ ਉਪਲਬਧ ਨਹੀਂ ਹੈ।



ਆਈਡੀਐੱਫ ਨੇ ਕਿਹਾ ਕਿ ਅਸੀਂ ਹਿਜ਼ਬੁੱਲਾ ਨੂੰ ਯੁੱਧ ਲਈ ਪੈਸਾ ਮੁਹੱਈਆ ਕਰਵਾਉਣ ਤੋਂ ਰੋਕਣ ਲਈ ਬੈਂਕ ਸ਼ਾਖਾਵਾਂ ਨੂੰ ਨਿਸ਼ਾਨਾ ਬਣਾ ਰਹੇ ਹਾਂ। ਆਈਡੀਐੱਫ ਨੇ ਦਾਅਵਾ ਕੀਤਾ ਕਿ ਅਲ-ਕਾਰਦ ਅਲ-ਹਸਨ ਕੋਲ ਵੱਡੀ ਰਕਮ ਤੱਕ ਪਹੁੰਚ ਸੀ ਜੋ ਹਿਜ਼ਬੁੱਲਾ ਨੇ ਇਜ਼ਰਾਈਲ ਵਿਰੁੱਧ ਵਰਤੀ ਸੀ।

ਇੱਕ ਇਜ਼ਰਾਈਲੀ ਖੁਫੀਆ ਅਧਿਕਾਰੀ ਨੇ ਕਿਹਾ ਕਿ ਅਲ-ਕਰਦ ਅਲ-ਹਸਨ ਦੇ ਪੈਸੇ ਦੀ ਵਰਤੋਂ ਹਿਜ਼ਬੁੱਲਾ ਨੇ ਆਪਣੇ ਲੜਾਕਿਆਂ ਨੂੰ ਤਨਖਾਹ ਦੇਣ ਲਈ ਕੀਤੀ ਸੀ। ਇਸ 'ਤੇ ਹਮਲਾ ਵੱਡੀ ਘਟਨਾ ਹੈ। ਇਸ ਨਾਲ ਹਿਜ਼ਬੁੱਲਾ ਦੀ ਆਰਥਿਕਤਾ 'ਤੇ ਡੂੰਘਾ ਅਸਰ ਪਵੇਗਾ। ਉਨ੍ਹਾਂ ਕਿਹਾ ਕਿ ਇਸ ਬੈਂਕ ਕੋਲ ਹਿਜ਼ਬੁੱਲਾ ਦਾ ਪੈਸਾ ਹੈ, ਪਰ ਇਹ ਸਾਰਾ ਪੈਸਾ ਨਹੀਂ ਸੰਭਾਲਦਾ।

# ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਜੂਨੀਅਰ ਡਾਕਟਰਾਂ ਨਾਲ ਕੀਤੀ ਮੀਟਿੰਗ, ਅੰਦੋਲਨਕਾਰੀ ਜੂਨੀਅਰ ਡਾਕਟਰਾਂ ਨੇ ਮਰਨ ਵਰਤ ਖਤਮ ਕੀਤਾ

ਕੋਲਕਾਤਾ, 21 ਅਕਤੂਬਰ (ਪੋਸਟ ਬਿਊਰੋ): ਅੰਦੋਲਨਕਾਰੀ ਜੂਨੀਅਰ ਡਾਕਟਰਾਂ ਨੇ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਮੁਲਾਕਾਤ ਤੋਂ 16 ਦਿਨਾਂ ਬਾਅਦ ਅਪਣਾ ਮਰਨ ਵਰਤ ਖਤਮ ਕਰ ਦਿਤਾ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਮੁਲਾਕਾਤ ਤੋਂ ਬਾਅਦ ਅੰਦੋਲਨਕਾਰੀ ਜੂਨੀਅਰ ਡਾਕਟਰਾਂ ਨੇ ਸੂਬੇ ਦੇ ਸਾਰੇ ਹਸਪਤਾਲਾਂ ’ਚ ਹੜਤਾਲ ਖਤਮ ਕਰਨ ਦਾ ਐਲਾਨ ਕੀਤਾ ਹੈ।

ਇਸ ਤੋਂ ਪਹਿਲਾਂ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਅਤੇ ਪ੍ਰਦਰਸ਼ਨਕਾਰੀ ਜੂਨੀਅਰ ਡਾਕਟਰਾਂ ਨੇ ਆਰ.ਜੀ. ਕਰ ਮੈਡੀਕਲ ਕਾਲਜ ਤੇ ਹਸਪਤਾਲ ’ਚ ਇਕ ਮਹਿਲਾ ਡਾਕਟਰ ਨਾਲ ਜਬਰ ਜਨਾਹ ਅਤੇ ਕਤਲ ਦੇ



ਮਾਮਲੇ ’ਚ ਪੈਦਾ ਹੋਏ ਅੜਿੱਕੇ ਨੂੰ ਸੁਲਝਾਉਣ ਲਈ ਸੋਮਵਾਰ ਸ਼ਾਮ ਨੂੰ ਰਾਜ ਸਕੱਤਰੇਤ ‘ਨਬਨਾ’ ’ਚ ਕਰੀਬ ਦੋ ਘੰਟੇ ਤੱਕ ਬੈਠਕ ਕੀਤੀ।

ਦੋਹਾਂ ਧਿਰਾਂ ਨੇ ਡਾਕਟਰਾਂ ਦੀਆਂ ਵੱਖ-ਵੱਖ ਮੰਗਾਂ ’ਤੇ ਚਰਚਾ ਕੀਤੀ। ਇਸ ਚੱਲ ਰਹੀ ਭੁੱਖ ਹੜਤਾਲ ਦੇ 17ਵੇਂ ਦਿਨ ਹੋਈ ਇਸ ਬੈਠਕ ਦਾ ਪਹਿਲੀ ਵਾਰ ਰਾਜ ਸਕੱਤਰੇਤ ‘ਨਬਨਾ’ ਤੋਂ ਸਿੱਧਾ ਪ੍ਰਸਾਰਣ ਕੀਤਾ ਗਿਆ।

ਬੈਠਕ ’ਚ ਬੈਨਰਜੀ ਨੇ ਜੂਨੀਅਰ ਡਾਕਟਰਾਂ ਨੂੰ ਵਾਰ-ਵਾਰ ਭੁੱਖ ਹੜਤਾਲ ਖਤਮ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀਆਂ ਜ਼ਿਆਦਾਤਰ ਮੰਗਾਂ ’ਤੇ ਵਿਚਾਰ ਕੀਤਾ ਗਿਆ ਹੈ। ਹਾਲਾਂਕਿ ਉਨ੍ਹਾਂ ਨੇ ਸੂਬੇ ਦੇ ਸਿਹਤ ਸਕੱਤਰ ਨੂੰ ਹਟਾਉਣ ਦੀ ਪ੍ਰਦਰਸ਼ਨਕਾਰੀ ਡਾਕਟਰਾਂ ਦੀ ਮੰਗ ਨੂੰ ਰੱਦ ਕਰ ਦਿਤਾ ਸੀ।

ਮੁੱਖ ਮੰਤਰੀ ਨੇ ਪੁਛਿਆ ਕਿ ਆਰ.ਜੀ. ਕਰ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਕਈ ਜੂਨੀਅਰ ਡਾਕਟਰਾਂ ਅਤੇ ਮੈਡੀਕਲ ਵਿਦਿਆਰਥੀਆਂ ਨੂੰ ਉਚਿਤ ਪ੍ਰਕਿਰਿਆ ਅਤੇ ਨਿਯਮਾਂ ਦੀ ਪਾਲਣਾ ਕੀਤੇ ਬਿਨ੍ਹਾਂ ਮੁਅੱਤਲ ਕਰ ਦਿਤਾ ਗਿਆ। ਇਨ੍ਹਾਂ ਵਿਦਿਆਰਥੀਆਂ ਜਾਂ ਰੈਜ਼ੀਡੈਂਟ ਡਾਕਟਰਾਂ ਨੂੰ ਸਿਰਫ ਸ਼ਿਕਾਇਤਾਂ ਦੇ ਆਧਾਰ ’ਤੇ ਮੁਅੱਤਲ ਕਿਵੇਂ ਕੀਤਾ ਜਾ ਸਕਦਾ ਹੈ? ਸੂਬਾ ਸਰਕਾਰ ਨੂੰ ਸੂਚਿਤ ਕੀਤੇ ਬਗ਼ੈਰ ਕਾਲਜ ਪ੍ਰਸ਼ਾਸਨ ਨੂੰ ਅਜਿਹਾ ਕਦਮ ਚੁੱਕਣ ਦਾ ਅਧਿਕਾਰ ਕਿਸ ਨੇ ਦਿਤਾ? ਕੀ ਇਹ ਧੱਕੇਸ਼ਾਹੀ ਦਾ ਸੱਭਿਆਚਾਰ ਨਹੀਂ ਹੈ?

ਜੂਨੀਅਰ ਡਾਕਟਰ ਪਿਛਲੇ 17 ਦਿਨਾਂ ਤੋਂ ਮਰਨ ਵਰਤ ’ਤੇ ਹਨ, ਮ੍ਰਿਤਕ ਡਾਕਟਰ ਲਈ ਨਿਆਂ ਅਤੇ ਰਾਜ ਦੇ ਸਿਹਤ ਸੰਭਾਲ ਬੁਨਿਆਦੀ ਢਾਂਚੇ ’ਚ ਪ੍ਰਣਾਲੀਗਤ ਤਬਦੀਲੀਆਂ ਦੀ ਮੰਗ ਕਰ ਰਹੇ ਹਨ। ਭੁੱਖ ਹੜਤਾਲ ’ਤੇ ਬੈਠੇ ਛੇ ਡਾਕਟਰਾਂ ਨੂੰ ਸਿਹਤ ਵਿਗੜਨ ਕਾਰਨ ਹਸਪਤਾਲ ’ਚ ਦਾਖਲ ਕਰਵਾਇਆ ਗਿਆ ਹੈ ਜਦਕਿ ਅੱਠ ਹੋਰ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ’ਤੇ ਹਨ। ਉਨ੍ਹਾਂ ਮੰਗ ਕੀਤੀ ਕਿ ਸੂਬਾ ਸਰਕਾਰ ਇਸ ਰੁਕਾਵਟ ਨੂੰ ਹੱਲ ਕਰਨ ਲਈ 21 ਅਕਤੂਬਰ ਤੱਕ ਠੋਸ ਕਾਰਵਾਈ ਕਰੇ। ਬੈਨਰਜੀ ਨੇ ਉਨ੍ਹਾਂ ਦੀਆਂ ਮੰਗਾਂ ’ਤੇ ਵਿਚਾਰ ਕਰਨ ਦਾ ਵਾਅਦਾ ਕੀਤਾ ਹੈ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ

Harcharan S. Grover
Chartered Accountant



Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

# ਗੁਜਰਾਤ ਵਿੱਚ 250 ਕਰੋੜ ਰੁਪਏ ਦੇ ਨਸ਼ੀਲੇ ਪਦਾਰਥ ਜ਼ਬਤ

ਨਵੀਂ ਦਿੱਲੀ, 21 ਅਕਤੂਬਰ (ਪੋਸਟ ਬਿਊਰੋ): ਅੰਕਲੇਸ਼ਵਰ 'ਚੋਂ ਭਾਰੀ ਮਾਤਰਾ 'ਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ। ਸੂਰਤ ਅਤੇ ਭਰੂਚ ਪੁਲਿਸ ਨੇ ਇੱਕ ਸੰਯੁਕਤ ਆਪ੍ਰੇਸ਼ਨ ਵਿੱਚ ਸੋਮਵਾਰ ਦੇਰ ਰਾਤ ਅੰਕਲੇਸ਼ਵਰ ਵਿੱਚ ਅਵਤਾਰ ਇੰਟਰਪ੍ਰਾਈਜਿਜ਼ ਨਾਮ ਦੀ ਇੱਕ ਫੈਕਟਰੀ ਵਿੱਚ ਛਾਪਾ ਮਾਰਿਆ ਅਤੇ 250 ਕਰੋੜ ਰੁਪਏ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ। ਇਸ ਮਾਮਲੇ ਵਿੱਚ ਪੁਲਿਸ ਨੇ ਫੈਕਟਰੀ ਪ੍ਰਬੰਧਕ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਵਰਣਨਯੋਗ ਹੈ ਕਿ 7 ਦਿਨ ਪਹਿਲਾਂ ਵੀ ਇਸੇ ਫੈਕਟਰੀ ਨੇੜੇ ਇਕ ਹੋਰ ਫੈਕਟਰੀ ਵਿਚੋਂ 5000 ਕਰੋੜ ਰੁਪਏ ਦੀਆਂ ਨਸ਼ੀਲੀਆਂ ਦਵਾਈਆਂ ਫੜ੍ਹੀਆਂ ਗਈਆਂ ਸਨ।



ਹਾਲ ਹੀ 'ਚ ਸੂਰਤ ਕ੍ਰਾਈਮ ਬ੍ਰਾਂਚ ਨੇ 2 ਕਰੋੜ ਰੁਪਏ ਦੇ 2100 ਗ੍ਰਾਮ ਐੱਮਡੀ ਡਰੱਗਜ਼ ਸਮੇਤ ਤਿੰਨ ਲੋਕਾਂ ਨੂੰ ਗ੍ਰਿਫਤਾਰ ਕੀਤਾ ਸੀ। ਤਿੰਨਾਂ ਨੇ ਪੁੱਛਗਿੱਛ ਦੌਰਾਨ ਦੱਸਿਆ ਸੀ ਕਿ ਇਹ ਨਸ਼ੀਲੇ ਪਦਾਰਥ ਉਨ੍ਹਾਂ ਨੂੰ ਅੰਕਲੇਸ਼ਵਰ ਦੇ ਅਵਤਾਰ ਇੰਟਰਪ੍ਰਾਈਜ਼ ਤੋਂ ਡਿਲੀਵਰ ਕੀਤੇ ਗਏ ਸਨ। ਇਸ ਤੋਂ ਬਾਅਦ ਪੁਲਿਸ ਨੇ ਭਰੂਚ ਪੁਲਿਸ ਨਾਲ ਮਿਲ ਕੇ ਫੈਕਟਰੀ 'ਤੇ ਛਾਪਾ ਮਾਰਿਆ। ਫਿਲਹਾਲ ਕੰਪਨੀ ਦਾ ਮਾਲਕ ਵਿਦੇਸ਼ ਰਹਿੰਦਾ ਹੈ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਕੰਪਨੀ ਵਿੱਚ ਕੈਮੀਕਲ ਤਿਆਰ ਕੀਤੇ ਜਾਂਦੇ ਹਨ ਅਤੇ ਇਸ ਦੀ ਆੜ ਵਿੱਚ ਦਵਾਈਆਂ ਤਿਆਰ ਕੀਤੀਆਂ ਜਾ ਰਹੀਆਂ ਸਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ 13 ਅਕਤੂਬਰ ਨੂੰ ਭਰੂਚ ਪੁਲਿਸ ਨੇ ਇਸ ਫੈਕਟਰੀ ਦੇ ਨੇੜੇ ਸਥਿਤ ਅਵਕਾਰ ਨਾਮਕ ਕੈਮੀਕਲ ਫੈਕਟਰੀ ਤੋਂ 5 ਹਜ਼ਾਰ ਕਰੋੜ ਰੁਪਏ ਦੀ 518 ਕਿਲੋ ਕੋਕੀਨ ਜ਼ਬਤ ਕੀਤੀ ਸੀ। ਇਸ ਮਾਮਲੇ ਵਿੱਚ ਕੰਪਨੀ ਦੇ 3 ਸੰਚਾਲਕਾਂ ਅਸ਼ਵਿਨ ਰਮਾਨੀ, ਬ੍ਰਿਜੇਸ਼ ਕੋਠੀਆ, ਵਿਜੈ ਭਸਾਨੀਆ ਅਤੇ 2 ਕੈਮਿਸਟਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਸੂਬੇ ਦੇ ਗ੍ਰਹਿ ਮੰਤਰੀ ਹਰਸ਼ ਸਾਂਘਵੀ ਨੇ ਇਸ ਮਾਮਲੇ 'ਚ ਕਿਹਾ ਕਿ ਗੁਜਰਾਤ ਅਤੇ ਸੂਰਤ ਪੁਲਿਸ ਨਸ਼ਿਆਂ ਵਿਰੁੱਧ ਮੁਹਿੰਮ ਨਹੀਂ ਸਗੋਂ ਜੰਗ ਲੜ ਰਹੀ ਹੈ। ਇਸ ਲੜਾਈ ਨੂੰ ਅੱਗੇ ਵਧਾਉਂਦੇ ਹੋਏ ਸੂਰਤ ਪੁਲਿਸ ਦੀ ਅਪਰਾਧ ਸ਼ਾਖਾ ਨੇ ਨਸ਼ੀਲੇ ਪਦਾਰਥਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ



Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC



Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca



# ਉੱਤਰੀ ਬੀ.ਸੀ. ਵਿੱਚ ਲਾਪਤਾ ਹੋਏ ਹਾਈਕਰ ਦੀ ਭਾਲ ਜਾਰੀ

ਪੰਨਾ 1 ਦਾ ਬਾਕੀ

ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੇ ਪਰਿਵਾਰ ਨੂੰ ਆਖਰੀ ਵਾਰ 8 ਅਕਤੂਬਰ ਨੂੰ ਆਪਣੇ ਟਿਕਾਣੇ ਬਾਰੇ ਦੱਸਿਆ ਸੀ, ਜੋ ਉਨ੍ਹਾਂ ਦੀ 10-ਦਿਨਾ ਯਾਤਰਾ ਤੋਂ ਇੱਕ ਦਿਨ ਬਾਅਦ ਸੀ।

ਉੱਤਰੀ ਰਾਕੀਜ਼ ਆਰਸੀਐੱਮਪੀ ਨੇ ਸੋਮਵਾਰ ਨੂੰ ਦੱਸਿਆ ਕਿ ਇਹ ਬੇਨਾਸਟਿਕ ਦਾ ਪਰਿਵਾਰ ਉਸ ਲਈ ਚਿੰਤਤ ਹੈ, ਲਾਪਤਾ ਵਿਅਕਤੀ ਨੂੰ ਇੱਕ ਤਜ਼ਰਬੇਕਾਰ ਹਾਈਕਰ ਅਤੇ ਕੈਂਪਰ ਦੱਸਿਆ।

ਪੁਲਿਸ ਦਾ ਕਹਿਣਾ ਹੈ ਕਿ ਜਦੋਂ ਬੇਨਾਸਟਿਕ ਯਾਤਰਾ ’ਤੇ ਨਿਕਲੇ ਸਨ ਤਾਂ ਉਨ੍ਹਾਂ ਕੋਲ ਇੱਕ ਟਾਰਪ, ਲਾਲ ਡੋਰੀਆਂ ਵਾਲਾ ਇੱਕ ਕਾਲ਼ਾ ਆਸਪੇ ਬੈਕਪੈਕ ਅਤੇ ਹੋਰ ਕੈਂਪਿੰਗ ਸਾਮਾਨ ਸੀ। ਅਧਿਕਾਰੀਆਂ ਅਨੁਸਾਰ ਖੋਜ ਵਿੱਚ ਸਹਾਇਤਾ ਲਈ ਖੋਜ ਅਤੇ ਬਚਾਅ ਕਰਮੀਆਂ ਅਤੇ ਪੁਲਿਸ ਖੋਜੀ ਕੁੱਤਿਆਂ ਨੂੰ ਬੁਲਾਇਆ ਗਿਆ ਹੈ।

## ਪੰਜਾਬ ਕੈਬਨਿਟ ਸਬ-ਕਮੇਟੀ ਵੱਲੋਂ ਪੀ.ਐੱਸ.ਪੀ.ਸੀ.ਐੱਲ ਨੂੰ ਕਰਮਚਾਰੀਆਂ ਦੀ ਸੁਰੱਖਿਆ ਨੂੰ ਤਰਜੀਹ ਦੇਣ ਦੇ ਨਿਰਦੇਸ਼

ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਪੰਜਾਬ ਕੈਬਨਿਟ ਸਬ-ਕਮੇਟੀ, ਜਿਸ ਵਿੱਚ ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਅਤੇ ਕੁਲਦੀਪ ਸਿੰਘ ਧਾਲੀਵਾਲ ਅਤੇ ਹਰਭਜਨ ਸਿੰਘ ਈ.ਟੀ.ਓ., ਸ਼ਾਮਲ ਹਨ, ਨੇ ਪੰਜਾਬ ਰਾਜ ਪਾਵਰ ਕਾਰ-ਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਕਿ ਕੋਈ ਵੀ ਕਰਮਚਾਰੀ ਬਿਨਾਂ ਜ਼ਰੂਰੀ ਸੁਰੱਖਿਆ ਕਿੱਟ ਦੇ ਕੋਈ ਖ਼ਤਰੇ ਵਾਲਾ ਕੰਮ ਨਾ ਕਰੇ। ਕੈਬਨਿਟ ਸਬ-ਕਮੇਟੀ ਨੇ ਅੱਜ ਇਥੇ ਪੰਜਾਬ ਭਵਨ ਵਿਖੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗ ਦੌਰਾਨ ਇਹ ਨਿਰਦੇਸ਼ ਦਿੱਤੇ।

ਇਸ ਮੀਟਿੰਗ ਵਿੱਚ ਪ੍ਰਸ਼ਾਸਕੀ ਸਕੱਤਰ (ਬਿਜਲੀ ਵਿਭਾਗ) ਸ੍ਰੀ ਰਾਹੁਲ ਤਿਵਾੜੀ, ਵਿੱਤ ਸਕੱਤਰ ਸ੍ਰੀ ਬਸੰਤ ਗਰਗ, ਪੀ.ਐਸ.ਪੀ.ਸੀ.ਐਲ ਦੇ ਚੇਅਰਮੈਨ-ਕਮ-ਪ੍ਰਬੰਧਕੀ ਡਾਇਰੈਕਟਰ ਸ. ਬਲਦੇਵ ਸਿੰਘ ਸਰਾਂ, ਡਾਇਰੈਕਟਰ ਵੰਡ ਸ. ਡੀ.ਪੀ.ਐਸ ਗਰੇਵਾਲ ਹਾਜ਼ਰ ਸਨ। ਕਮੇਟੀ ਨੇ ਆਪਣੇ ਮੰਗ ਪੱਤਰ ਵਿੱਚ ਯੂਨੀਅਨ ਵੱਲੋਂ ਪੇਸ਼ ਕੀਤੀਆਂ ਮੰਗਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਅਤੇ ਇਨ੍ਹਾਂ ਮਸਲਿਆਂ ਦੇ ਹੱਲ ਲਈ ਆਪਣੀ ਵਚਨਬੱਧਤਾ ਦੁਹਰਾਈ। ਕੈਬਨਿਟ ਸਬ-ਕਮੇਟੀ ਨੇ ਪਾਵਰਕਾਮ ਐਂਡ ਟਰਾਂਸਕੋ ਕੰਟਰੈਕਟ ਇੰਪਲਾਈਜ਼ ਯੂਨੀਅਨ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਨਾਲ ਵਿਚਾਰਿਆ ਜਾਵੇਗਾ।

# ਮੁੱਖ ਮੰਤਰੀ ਵੱਲੋਂ ਮੰਡੀਆਂ ਵਿੱਚੋਂ ਝੋਨੇ ਦੀ ਲਿਫਟਿੰਗ ਜੰਗੀ ਪੱਧਰ ’ਤੇ ਕਰਨ ਦੇ ਹੁਕਮ

### ਅਧਿਕਾਰੀਆਂ ਨੂੰ ਮੰਡੀਆਂ ਵਿੱਚ ਝੋਨੇ ਦੀ ਚੁਕਾਈ ਛੇਤੀ ਤੋਂ ਛੇਤੀ ਯਕੀਨੀ ਬਣਾਉਣ ਦੇ ਆਦੇਸ਼

ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਧਿਕਾਰੀਆਂ ਨੂੰ ਸੂਬੇ ਭਰ ਦੀਆਂ ਮੰਡੀਆਂ ਵਿੱਚ ਖਰੀਦੇ ਜਾ ਰਹੇ ਝੋਨੇ ਦੀ ਤੇਜ਼ੀ ਨਾਲ ਲਿਫਟਿੰਗ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ ਹਨ।

ਸੂਬੇ ਵਿੱਚ ਖਰੀਦ ਕਾਰਜਾਂ ਦਾ ਜਾਇਜ਼ਾ ਲੈਣ ਲਈ ਹੋਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਝੋਨੇ ਦੀ ਚੁਕਾਈ ਛੇਤੀ ਤੋਂ ਛੇਤੀ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹ-ਮਣਾ ਨਾ ਕਰਨਾ ਪਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਦੇਸ਼ ਨੂੰ ਅੰਨ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਅਨਾਜ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਡੇ ਅੰਨ ਦਾਤਿਆਂ ਨੇ ਆਪਣੇ ਬੇਸ਼ਕੀਮਤੀ ਕੁਦਰਤੀ ਵਸੀਲੇ ਪਾਣੀ ਅਤੇ ਜਰਖੇਜ਼ ਮਿੱਟੀ ਨੂੰ ਦਾਅ ਉੱਤੇ ਲਾ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਾਲ ਵੀ ਸੂਬੇ ਦੇ ਕਿਸਾਨਾਂ ਵੱਲੋਂ 185 ਲੱਖ ਮੀਟ੍ਰਿਕ ਟਨ ਝੋਨੇ ਦਾ ਯੋਗਦਾਨ ਕੌਮੀ ਭੰਡਾਰ ਵਿੱਚ ਪਾਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ।



ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਸੰਜੀਦਗੀ ਨਾਲ ਜੁਟੀ ਹੋਈ ਹੈ। ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਮੰਡੀਆਂ ਵਿੱਚ ਮਿਹਨਤ ਨਾਲ ਪਾਲੀ ਝੋਨੇ ਦੀ ਫਸਲ ਦੀ ਖੱਜਲ-ਖੁਆਰੀ ਹੋਣ ਦੀ ਹਰਗਿਜ਼ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਇਸ ਲਈ ਜ਼ੁੰਮੇਵਾਰ ਪਾਏ ਗਏ ਅਧਿਕਾਰੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਝੋਨੇ ਦੀ ਖਰੀਦ ਲਈ ਪੁਖਤਾ ਪ੍ਰਬੰਧ ਕੀਤੇ ਹਨ ਜਿਸ ਲਈ ਸੂਬੇ ਭਰ ਵਿੱਚ 2651 ਮੰਡੀਆਂ ਸਥਾਪਿਤ ਕੀਤੀਆਂ ਗਈਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਰ.ਬੀ.ਆਈ. ਵੱਲੋਂ ਸੀ.ਸੀ.ਐਲ. ਤਹਿਤ 41,378 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਕਿਸਾਨਾਂ ਨੂੰ ਸਮੇਂ ਸਿਰ ਭੁਗਤਾਨ ਜਾਰੀ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚੋਂ ਝੋਨੇ ਦੀ ਲਿਫਟਿੰਗ ਲਈ ਜੰਗੀ ਪੱਧਰ ’ਤੇ ਕਰਨ ਲਈ ਕਦਮ ਚੁੱਕੇ ਜਾਣ।

ਇਸ ਦੌਰਾਨ ਮੀਟਿੰਗ ਵਿੱਚ ਇਹ ਵੀ ਦੱਸਿਆ ਗਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 24.88 ਲੱਖ ਮੀਟ੍ਰਿਕ ਟਨ ਦੀ ਆਮਦ ਦਰਜ ਕੀਤੀ ਗਈ ਹੈ, ਜਿਸ ਵਿੱਚੋਂ 22.22 ਲੱਖ ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਅਦਾਇਗੀ ਲਈ ਪਹਿਲਾਂ ਹੀ 4027 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ।

# ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੂੰ ਨੈਸ਼ਨਲ ਅਪ੍ਰੈਂਟਿਸਸ਼ਿਪ ਕੌਂਸਲ ਦੇ ਉਪ-ਚੇਅਰਮੈਨ ਨਿਯੁਕਤ

ਨਵੀਂ ਦਿੱਲੀ, 21 ਅਕਤੂਬਰ (ਪੋਸਟ ਬਿਊਰੋ): ਰਾਜ ਸਭਾ ਦੇ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲੇ ਵਲੋਂ ਹਾਲ ਹੀ ਵਿਚ ਜਾਰੀ ਨੋਟੀਫਿਕੇਸ਼ਨ ਅਨੁਸਾਰ ਨੈਸ਼ਨਲ ਅਪ੍ਰੈਂਟਿਸਸ਼ਿਪ ਕੌਂਸਲ (ਐੱਨਏਸੀ) ਦਾ ਉਪ-ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਸਨਮਾਨਯੋਗ ਭੂਮਿਕਾ ਵਿੱਚ ਡਾ. ਸਾਹਨੀ ਦੇਸ਼ ਭਰ ਵਿੱਚ ਵੋਕੇਸ਼ਨਲ ਸਿਖਲਾਈ ਅਤੇ ਅਪ੍ਰੈਂਟਿਸਸ਼ਿਪ ਪ੍ਰੋਗਰਾਮਾਂ ਨੂੰ ਵਧਾਉਣ ਦੇ ਸਰਕਾਰ ਦੇ ਮਿਸ਼ਨ ਨੂੰ ਅੱਗੇ ਵਧਾਉਣ ਲਈ ਮੁੱਖ ਭਾਗੀਦਾਰਾਂ ਨਾਲ ਮਿਲ ਕੇ ਕੰਮ ਕਰਨਗੇ।



ਆਪਣੀ ਨਿਯੁਕਤੀ 'ਤੇ, ਡਾ. ਸਾਹਨੀ ਨੇ ਕਿਹਾ, "ਅਪ੍ਰੈਂਟਿਸਸ਼ਿਪ ਦੀ ਮਿਆਦ ਦੇ ਦੌਰਾਨ, ਅਪ੍ਰੈਂਟਿਸ ਨੂੰ ਇੱਕ ਵਜ਼ੀਫਾ ਮਿਲੇਗਾ, ਜਿਸ ਦਾ 50% ਸਰਕਾਰ ਦੁਆਰਾ ਅਦਾ ਕੀਤਾ ਜਾਣਾ ਹੈ। ਅਪ੍ਰੈਂਟਿਸਸ਼ਿਪ ਦੀ ਮਿਆਦ ਇੱਕ ਸਾਲ ਹੋਵੇਗੀ, ਜਿਸ ਵਿੱਚ ਨੌਜਵਾਨਾਂ ਨੂੰ ਨੌਕਰੀ 'ਤੇ ਬੇਸ਼ਕੀਮਤੀ ਸਿਖਲਾਈ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ।

ਅਪ੍ਰੈਂਟਿਸਸ਼ਿਪ ਦੇ ਮੌਕਿਆਂ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਅੱਜ ਪੰਜਾਬ ਵਿੱਚ ਅੱਠ ਵੱਖ-ਵੱਖ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.) ਵਿੱਚ ਇੱਕ ਅਪ੍ਰੈਂਟਿਸਸ਼ਿਪ ਮੇਲਾ ਲਗਾਇਆ ਗਿਆ। ਇਸ ਈਵੈਂਟ ਵਿੱਚ 4,000 ਤੋਂ ਵੱਧ ਵਿਦਿਆਰਥੀਆਂ ਨੇ ਅਪ੍ਰੈਂਟਿਸਸ਼ਿਪ ਸਿਖਲਾਈ ਪ੍ਰੋਗਰਾਮ ਲਈ ਰਜਿਸਟ੍ਰੇਸ਼ਨ ਕਰਵਾਈ, ਜੋ ਸਿੱਖਿਆ ਅਤੇ ਰੁਜ਼ਗਾਰ ਵਿਚਕਾਰ ਪਾੜੇ ਨੂੰ ਭਰਨ ਵੱਲ ਇੱਕ ਅਹਿਮ ਕਦਮ ਹੈ।

ਡਾ. ਸਾਹਨੀ ਨੇ ਇਹ ਵੀ ਕਿਹਾ ਕਿ ਅਪ੍ਰੈਂਟਿਸਸ਼ਿਪ ਮਾਡਲ ਦੋਵੱਲੇ ਲਾਭ ਹਨ , ਇਸ ਤਰਾਂ ਇਹ ਸਾਰੇ ਭਾਗੀਦਾਰਾਂ ਲਈ "ਫਾਇਦੇ ਦੀ ਸਥਿਤੀ" ਕਹੀ ਜਾ ਸਕਦੀ ਹੈ। "ਨੌਜਵਾਨਾਂ ਨੂੰ ਜ਼ਰੂਰੀ ਵਿਹਾਰਕ ਅਨੁਭਵ ਮਿਲੇਗਾ ਜੋ ਉਨ੍ਹਾਂ ਦੀ ਰੁਜ਼ਗਾਰਯੋਗਤਾ ਵਿੱਚ ਮਹੱਤਵਪੂਰਨ ਸੁਧਾਰ ਕਰੇਗਾ।

# ਪੰਜਾਬ ਦੇ 20000 ਸਰਕਾਰੀ ਸਕੂਲਾਂ ਵਿੱਚ ਤੀਸਰੀ ਮਾਪੇ-ਅਧਿਆਪਕ ਮਿਲਣੀ ਅੱਜ

### *20 ਲੱਖ ਤੋਂ ਵੱਧ ਮਾਪੇ ਕਰਨਗੇ ਸ਼ਮੂਲੀਅਤ * ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਮਾਪਿਆਂ ਨੂੰ ਮੈਗਾ ਪੀ.ਟੀ.ਐਮ.ਵਿਚ ਸ਼ਾਮਿਲ ਹੋਣ ਦਾ ਸੱਦਾ



ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਤੀਸਰੀ ਮਾਪੇ/ਅਧਿਆਪਕ ਮਿਲਣੀ 22 ਅਕਤੂਬਰ 2024 ਨੂੰ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਵਿੱਚ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 2:30 ਵਜੇ ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਵਿੱਚ ਅਧਿਆਪਕ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ, ਸਕੂਲ ਮੈਨੇਜਮੈਂਟ ਕਮੇਟੀਆਂ ਅਤੇ ਹੋਰ ਮੋਹਤਬਰ ਵਿਅਕਤੀ ਮਿਲ ਬੈਠ ਕੇ ਸਕੂਲ ਸਿੱਖਿਆ ਦੇ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਵਾਸਤੇ ਵਿਚਾਰ ਕਰਨਗੇ।

ਬੈਂਸ ਨੇ ਕਿਹਾ ਕਿ ਇਸ ਵਿਚ ਅਧਿਆਪਕ ਤੇ ਮਾਪੇ ਬੱਚਿਆਂ ਦੀ ਫੀਡਬੈਕ ਇਕ ਦੂਜੇ ਨਾਲ ਸਾਂਝੀ ਕਰਨਗੇ ਕਿ ਬੱਚਾ ਸਕੂਲ ਵਿੱਚ ਕੀ ਕਰਦਾ ਹੈ ਜਾਂ ਸਕੂਲ ਤੋਂ ਬਾਅਦ ਬੱਚੇ ਦੀ ਕੀ ਐਕਟੀਵਿਟੀ ਰਹਿੰਦੀ ਹੈ, ਇਹ ਅਧਿਆਪਕਾਂ ਨੂੰ ਵੀ ਪਤਾ ਹੋਣਾ ਚਾਹੀਦਾ ਹੈ ਤਾਂਕਿ ਸਕੂਲਾਂ ਦੇ ਜਿਹੜੇ ਪ੍ਰਬੰਧ ਹਨ ਉਨ੍ਹਾਂ ਬਾਰੇ ਵੀ ਮਾਪਿਆਂ ਨੂੰ ਪਤਾ ਲੱਗ ਸਕੇ ਉਨ੍ਹਾਂ ਕਿਹਾ ਕਿ ਮਾਪੇ ਆਪਣੇ ਬੱਚੇ ਦੇ ਭਵਿੱਖ ਬਾਰੇ ਸੁਝਾਅ ਵੀ ਦੇਣ ਤੇ ਜੇ ਕੋਈ ਸ਼ਿਕਵੇ-ਸ਼ਿਕਾਇਤਾਂ ਹਨ ਉਹ ਵੀ ਸਾਂਝੇ ਕਰਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਦਾ ਸੁਪਨਾ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣਾ ਹੈ, ਜਿਸ ਨੂੰ ਸਾਕਾਰ ਕਰਨ ਲਈ ਆਪਾਂ ਸਾਰੇ ਇਕ ਦੂਜੇ ਨਾਲ ਰਲ ਕੇ ਕੰਮ ਕਰਾਂਗੇ। ਉਹਨਾ ਦੱਸਿਆਂ ਕਿ ਸਤੰਬਰ ਮਹੀਨੇ ਵਿੱਚ ਲਏ ਗਏ ਪੇਪਰਾਂ ਦਾ ਨਤੀਜਾ ਵੀ ਮਾਪਿਆਂ ਨਾਲ ਸਾਝਾ ਕੀਤਾ ਜਾਵੇਗਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਕੂਲ ਸਿੱਖਿਆ ਵਿਭਾਗ ਵਲੋਂ ਸਕੂਲ ਸਿੱਖਿਆ ਵਿੱਚ ਗੁਣਾਤਮਿਕ ਸੁਧਾਰ ਅਤੇ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਵਿੱਚ ਪੰਜਾਬ ਦੇ 20000 ਸਰਕਾਰੀ ਪ੍ਰਾਇਮਰੀ ਅਤੇ ਅਪਰ ਪ੍ਰਾਇਮਰੀ ਸਕੂਲਾਂ ਵਿੱਚ ਮਿਤੀ 22 ਅਕਤੂਬਰ 2024 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ, ਜਿਸ ਵਿੱਚ 20 ਲੱਖ ਤੋਂ ਵੱਧ ਮਾਪਿਆਂ ਵਲੋਂ ਸ਼ਮੂਲੀਅਤ ਕੀਤੀ ਜਾਵੇਗੀ।

ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਾਪਿਆਂ ਨੂੰ ਮੈਗਾ ਪੀ.ਟੀ.ਐਮ.ਵਿਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਮੈਗਾ ਪੀ.ਟੀ.ਐਮ ਵਿਚ ਹਿੱਸਾ ਲੈ ਕੇ ਉਹ ਵੀ ਸਿੱਖਿਆ ਕ੍ਰਾਂਤੀ ਦੇ ਗਵਾਹ ਬਨਣ। ਸਿੱਖਿਆ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਪੰਜਾਬ ਰਾਜ ਦੇ ਕਿਸੇ ਨਾ ਕਿਸੇ ਸਰਕਾਰੀ ਸਕੂਲ ਮੈਗਾ ਪੀ.ਟੀ.ਐਮ. ਵਿੱਚ ਸਿਰਕਤ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਬਿਹਤਰੀਨ ਬਨਾਉਣ ਲਈ ਕਈ ਉਪਰਾਲੇ ਸ਼ੁਰੂ ਕੀਤੇ ਗਏ ਹਨ ਜਿਹਨਾਂ ਵਿੱਚ ਕੈਂਪਸ ਮੈਨੇਜਰ, ਸਕਿਊਰਟੀ ਗਾਰਡ,ਕਲਾਸ ਰੂਮ, ਲੈਬਸ, ਗਰਾਊਂਡ, ਟਰਾਂਸਪੋਰਟ ਸਰਵਿਸ, ਸਕੂਲ ਆਫ਼ ਐਮੀਨੈਂਸ, ਵਿਦਿਆਰਥੀਆਂ ਦੀ ਵਰਦੀ ਆਦਿ ਸ਼ਾਮਿਲ ਹਨ।

ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ

ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੌਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਉਦਯੋਗਪਤੀਆਂ ਦੀ ਸਲਾਹ ਨਾਲ ਪੰਜਾਬ ਵਿੱਚ ਸਨਅਤ ਪੱਖੀ ਨੀਤੀਆਂ ਲਾਗੂ ਕਰਾਂਗੇ : ਸੌਂਦ

## ਉਦਯੋਗ ਮੰਤਰੀ ਵੱਲੋਂ ਸਨਅਤਕਾਰਾਂ ਨੂੰ ਪੰਜਾਬ ਦੀ ਤਰੱਕੀ 'ਚ ਯੋਗਦਾਨ ਪਾਉਣ ਦੀ ਅਪੀਲ

ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਉਦਯੋਗ ਤੇ ਵਣਜ, ਪੂੰਜੀ ਨਿਵੇਸ਼, ਕਿਰਤ ਅਤੇ ਸੈਰ ਸਪਾਟਾ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸੋਮਵਾਰ ਨੂੰ ਕਨਫੈਡਰੇਸ਼ਨ ਆਫ ਇੰਡੀਅਨ ਇੰਡਸਟਰੀ (ਸੀਆਈਆਈ) ਦੇ ਪ੍ਰੋਗਰਾਮ ਵਿੱਚ ਸਨਅਤਕਾਰ ਮਿਲਣੀ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਉਦਯੋਗਪਤੀਆਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਵਿੱਚ ਸਨਅਤ ਪੱਖੀ ਨੀਤੀਆਂ ਸਨਅਤਕਾਰਾਂ ਦੀ ਸਲਾਹ ਨਾਲ ਲਾਗੂ ਕੀਤੀਆਂ ਜਾਣਗੀਆਂ ਤਾਂ ਜੋ ਉਦਯੋਗਪਤੀ ਬਿਨਾਂ ਕਿਸੇ ਖੱਜਲ ਖੁਆਰੀ ਦੇ ਕੰਮਕਾਰ ਕਰ ਸਕਣ।

ਸੀਆਈਆਈ ਦੇ ਸੈਕਟਰ 31 ਵਿਚਲੇ ਦਫਤਰ ਵਿੱਚ ਆਪਣੇ ਸੰਬੋਧਨ ਦੌਰਾਨ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਉਦਯੋਗਾਂ ਦੀ ਤਰੱਕੀ ਲਈ ਗੰਭੀਰ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦ ਹੀ ਇਨਵੈਸਟ ਪੰਜਾਬ ਦੇ ਪੋਰਟਲ ਨੂੰ ਬਾਕੀ ਸਬੰਧਤ ਵਿਭਾਗਾਂ ਦੀਆਂ ਵੈੱਬਸਾਈਟਾਂ ਨਾਲ ਲਿੰਕ ਕਰ ਰਹੇ ਹਾਂ ਤਾਂ ਜੋ ਵੱਖ ਵੱਖ ਤਰ੍ਹਾਂ ਦੀਆਂ ਪ੍ਰਵਾਨਗੀਆਂ ਲੈਣ ਵਿੱਚ ਸਨਅਤਕਾਰਾਂ ਨੂੰ ਕੋਈ ਮੁਸ਼ਕਿਲ ਨਾ ਆਵੇ।

ਉਨ੍ਹਾਂ ਕਿਹਾ ਕਿ ਪਿਛਲੇ ਢਾਈ ਸਾਲ ਵਿੱਚ ਪੰਜਾਬ 'ਚ 88 ਹਜ਼ਾਰ ਕਰੋੜ ਰੁਪਏ ਦੇ ਕਰੀਬ ਨਿਵੇਸ਼ ਆ ਚੁੱਕਾ ਹੈ ਅਤੇ ਇਹ ਗਤੀ ਤੇਜ਼ੀ ਨਾਲ ਜਾਰੀ ਹੈ। ਸੌਂਦ ਨੇ ਕਿਹਾ ਕਿ ਨਿਵੇਸ਼ ਲਈ ਪੰਜਾਬ




ਦੀਆਂ ਨੀਤੀਆਂ ਦੇਸ਼ ਭਰ ਵਿੱਚ ਅਵੱਲ ਦਰਜੇ ਦੀਆਂ ਹਨ। ਉਨ੍ਹਾਂ ਉਦਯੋਗਪਤੀਆਂ ਨੂੰ ਪੰਜਾਬ ਦੀ ਉੱਨਤੀ ਵਿੱਚ ਯੋਗਦਾਨ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸੇ ਵੀ ਉਦਯੋਗ ਨੂੰ ਸੂਬੇ ਵਿੱਚੋਂ ਬਾਹਰ ਨਹੀਂ ਜਾਣ ਦੇਵੇਗੀ ਅਤੇ ਸਨਅਤਕਾਰਾਂ ਦੀਆਂ ਸਭ ਜ਼ਰੂਰਤਾਂ ਪੂਰੀਆਂ ਕਰਨ ਲਈ ਵਚਨਬੱਧ ਹੈ।

ਉਨ੍ਹਾਂ ਐਲਾਨ ਕੀਤਾ ਕਿ ਆਉਣ ਵਾਲੇ ਸਮੇਂ 'ਚ ਮੋਹਾਲੀ ਨੂੰ ਆਈਟੀ ਇੰਡਸਟਰੀ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਉੱਤੇ ਲੈ ਕੇ ਜਾਣ ਦੀਆਂ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਉਦਯੋਗਪਤੀਆਂ ਨੇ ਕਈ ਸਲਾਹਾਂ ਵੀ ਦਿੱਤੀਆਂ ਅਤੇ ਆਪਣੀਆਂ ਮੁਸ਼ਕਿਲਾਂ ਵੀ ਉਦਯੋਗ ਮੰਤਰੀ ਨਾਲ ਸਾਂਝੀਆਂ ਕੀਤੀਆਂ। ਸੌਂਦ ਨੇ ਕਿਹਾ ਕਿ ਸੀਆਈਆਈ ਦੇ ਨੁਮਾਇੰਦਿਆਂ ਵੱਲੋਂ ਦਿੱਤੀਆਂ ਸਲਾਹਾਂ ਨੂੰ ਸਰਕਾਰ ਗੰਭੀਰਤਾ ਨਾਲ ਲੈਂਦੀ ਹੈ ਅਤੇ ਇਨ੍ਹਾਂ ਸਮੱਸਿਆਵਾਂ ਨੂੰ ਘੱਟ ਤੋਂ ਘੱਟ ਸਮੇਂ ਵਿੱਚ ਦੂਰ ਕਰਨ ਲਈ ਵਚਨਬੱਧ ਹਾਂ। ਕੁਝ ਨੀਤੀਆਂ, ਸੁਝਾਅ ਅਤੇ ਉਦਯੋਗਪਤੀਆਂ ਦੀਆਂ ਮੰਗਾਂ ਬਾਬਤ ਸੌਂਦ ਨੇ ਕਿਹਾ ਕਿ ਸਬੰਧਤ ਮੁੱਦਿਆਂ ਉੱਤੇ ਮੁੱਖ ਮੰਤਰੀ ਸਾਬ੍ਹ ਨਾਲ ਗੱਲ ਕਰਕੇ ਜਲਦ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਾਰੀ ਟੀਮ "ਸਰਕਾਰ ਤੁਹਾਡੇ ਦੁਆਰ" ਸਕੀਮ ਰਾਹੀਂ ਲੋਕਾਂ ਦੀਆਂ ਮੁਸ਼ਕਿਲਾਂ ਉਨ੍ਹਾਂ ਦੇ ਕੋਲ ਜਾ ਕੇ ਸੁਣਦੀ ਹੈ ਅਤੇ ਇਹੀ ਨੀਤੀ ਉਦਯੋਗਾਂ ਉੱਤੇ ਵੀ ਲਾਗੂ ਕਰਾਂਗੇ ਅਤੇ ਉਦਯੋਗਪਤੀਆਂ ਨੂੰ ਆਪਣੀਆਂ ਸਮੱਸਿਆਂਵਾਂ ਲੈਕੇ ਸਰਕਾਰੀ ਦਫ਼ਤਰਾਂ ਵਿੱਚ ਆਉਣ ਦੀ ਲੋੜ ਨਹੀਂ ਪਵੇਗੀ। ਸਰਕਾਰ ਖੁਦ ਉਨ੍ਹਾਂ ਕੋਲ ਜਾਕੇ ਸਨਅਤਕਾਰਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰੇਗੀ।

ਸੌਂਦ ਨੇ ਸੀਆਈਆਈ ਦੇ ਸਾਰੇ ਮੈਂਬਰਾਂ ਨੂੰ ਪੰਜਾਬ ਦੇ ਬ੍ਰਾਂਡ ਅੰਬੈਸਡਰ ਬਣਕੇ ਸੂਬੇ 'ਚ ਵੱਧ ਤੋਂ ਵੱਧ ਨਿਵੇਸ਼ ਲਿਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਉਦਯੋਗਪਤੀਆਂ ਨੂੰ ਕਿਰਤ ਵਿਭਾਗ ਦੀਆਂ ਕਰਮਚਾਰੀ ਪੱਖੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਿਰਤ ਵਿਭਾਗ ਦੀਆਂ ਅਜਿਹੀਆਂ ਬਹੁਤ ਸਾਰੀਆਂ ਸਕੀਮਾਂ ਹਨ ਜਿਨ੍ਹਾਂ ਦਾ ਫਾਇਦਾ ਉਦਯੋਗਪਤੀ ਲੈ ਸਕਦੇ ਹਨ।

ਇਸ ਤੋਂ ਪਹਿਲਾਂ ਸੀਆਈਆਈ ਪੰਜਾਬ ਦੇ ਚੇਅਰਮੈਨ ਅਭਿਸ਼ੇਕ ਗੁਪਤਾ ਨੇ ਉਦਯੋਗ ਮੰਤਰੀ ਦਾ ਸਵਾਗਤ ਕੀਤਾ ਅਤੇ ਉਦਯੋਗਾਂ ਦੀ ਉੱਨਤੀ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਪ੍ਰਸੰਸਾ ਕੀਤੀ। ਮੀਟਿੰਗ ਵਿੱਚ ਸੂਬੇ ਭਰ ਦੇ ਨਾਮੀਂ ਸਨਅਤਕਾਰਾਂ ਤੋਂ ਇਲਾਵਾ ਇਨਵੈਸਟ ਪੰਜਾਬ ਦੇ ਸੀਈਓ ਡੀਪੀਐਸ ਖਰਬੰਦਾ, ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ ਦੇ ਐਮ ਡੀ ਵਰਿੰਦਰ ਕੁਮਾਰ ਸ਼ਰਮਾ, ਕਿਰਤ ਵਿਭਾਗ ਦੇ ਪ੍ਰਬੰਧਕੀ ਸਕੱਤਰ ਮਨਵੇਸ਼ ਸਿੰਘ ਸਿੱਧੂ ਤੋਂ ਇਲਾਵਾ ਸੀਆਈਆਈ ਪੰਜਾਬ ਦੇ ਵਾਈਸ ਚੇਅਰਮੈਨ ਅਮਿਤ ਜੈਨ ਹਾਜ਼ਿਰ ਸਨ।

# ਹਰ ਰੋਜ਼ ਪੜ੍ਹਨਾ ਤੇਜ਼ ਦਿਮਾਗ ਦੀ ਕੁੰਜੀ

-ਵਿਜੇ ਗਰਗ

ਕੀ ਤੁਸੀਂ ਜਾਣਦੇ ਹੋ ਕਿ ਹਰ ਰੋਜ਼ ਪੜ੍ਹਨ ਦੇ ਕੁਝ ਮਿੰਟ ਤੁਹਾਡੇ ਮੂਡ ਨੂੰ ਵਧਾ ਸਕਦੇ ਹਨ, ਤੁਹਾਡੇ ਦਿਮਾਗ ਨੂੰ ਤਿੱਖਾ ਕਰ ਸਕਦੇ ਹਨ, ਅਤੇ ਤਣਾਅ ਤੋਂ ਬਚਣ ਵਿੱਚ ਤੁਹਾਡੀ ਮਦਦ ਕਰ ਸਕਦੇ ਹਨ? ਭਾਵੇਂ ਤੁਸੀਂ ਇੱਕ ਨਾਵਲ, ਇੱਕ ਲੇਖ, ਜਾਂ ਇੱਥੋਂ ਤੱਕ ਕਿ ਇੱਕ ਮੈਗਜ਼ੀਨ ਪੜ੍ਹਨਾ ਪਸੰਦ ਕਰਦੇ ਹੋ, ਪੜ੍ਹਨ ਦੇ ਬਹੁਤ ਸਾਰੇ ਫਾਇਦੇ ਹਨ ਜਿਨ੍ਹਾਂ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਕਿਉਂ ਨਾ ਪੜ੍ਹਨ ਦੀ ਆਦਤ ਬਣਾਓ? ਇਸ ਲੇਖ ਵਿਚ, ਅਸੀਂ ਹਰ ਰੋਜ਼ ਪੜ੍ਹਨ ਦੇ ਵੱਖ-ਵੱਖ ਕਾਰਨਾਂ ਦੀ ਪੜਚੋਲ ਕਰਾਂਗੇ। ਹਰ ਰੋਜ਼ ਪੜ੍ਹਨ ਦੇ ਕਾਰਨ ਦਿਮਾਗ ਨੂੰ ਉਤੇਜਿਤ ਕਰਨ ਵਿੱਚ ਮਦਦ ਕਰਦਾ ਹੈ ਕੀ ਤੁਸੀਂ ਜਾਣਦੇ ਹੋ ਕਿ ਹਰ ਰੋਜ਼ ਪੜ੍ਹਨ ਨਾਲ ਤੁਹਾਡਾ ਦਿਮਾਗ ਕਿਰਿਆਸ਼ੀਲ ਅਤੇ ਮਜ਼ਬੂਤ ਰਹਿੰਦਾ ਹੈ? ਅਧਿਐਨਾਂ ਨੇ ਦਿਖਾਇਆ ਹੈ ਕਿ, ਜੇਕਰ ਤੁਸੀਂ ਮਾਨਸਿਕ ਤੌਰ 'ਤੇ ਰੁੱਝੇ ਹੋਏ ਹੋ, ਤਾਂ ਇਹ ਅਲਜ਼ਾਈਮਰ ਜਾਂ ਡਿਮੈਂਸ਼ੀਆ ਵਰਗੀਆਂ ਸਥਿਤੀਆਂ ਨੂੰ ਹੌਲੀ ਕਰਨ ਜਾਂ ਰੋਕਣ ਵਿੱਚ ਮਦਦ ਕਰਦਾ ਹੈ। ਜਿਵੇਂ ਸਾਡੀਆਂ ਮਾਸਪੇਸ਼ੀਆਂ ਨੂੰ ਤੰਦਰੁਸਤ ਰਹਿਣ ਲਈ ਕਸਰਤ ਦੀ ਲੋੜ ਹੁੰਦੀ ਹੈ, ਉਸੇ ਤਰ੍ਹਾਂ ਤੁਹਾਡੇ ਦਿਮਾਗ ਨੂੰ ਤਿੱਖੇ ਰਹਿਣ ਲਈ ਸਰਗਰਮੀ ਦੀ ਲੋੜ ਹੁੰਦੀ ਹੈ।

ਭਾਵੇਂ ਇਹ ਬੁਝਾਰਤਾਂ ਨੂੰ ਸੁਲਝਾਉਣਾ ਹੋਵੇ, ਖੇਡਾਂ ਖੇਡਣਾ ਹੋਵੇ, ਜਿਵੇਂ ਸ਼ਤਰੰਜ, ਜਾਂ ਸਿਰਫ਼ ਪੜ੍ਹਨਾ, ਇਹ ਗਤੀਵਿਧੀਆਂ ਤੁਹਾਡੇ ਦਿਮਾਗ ਨੂੰ ਸਿਹਤਮੰਦ ਰੱਖਣ ਅਤੇ ਯਾਦਦਾਸ਼ਤ ਦੇ ਨੁਕਸਾਨ ਦੀ ਸੰਭਾਵਨਾ ਨੂੰ ਘਟਾਉਣ ਵਿੱਚ ਮਦਦ ਕਰਦੀਆਂ ਹਨ। ਤੁਹਾਡੇ ਗਿਆਨ ਨੂੰ ਵਧਾਉਣ ਵਿੱਚ ਮਦਦ ਕਰਦਾ ਹੈ ਜਦੋਂ ਤੁਸੀਂ ਕੋਈ ਕਿਤਾਬ, ਕੋਈ ਲੇਖ, ਕੋਈ ਅਖਬਾਰ ਜਾਂ ਮੈਗਜ਼ੀਨ ਪੜ੍ਹਦੇ ਹੋ, ਤਾਂ ਤੁਹਾਨੂੰ ਬਹੁਤ ਜ਼ਿਆਦਾ ਗਿਆਨ ਮਿਲਦਾ ਹੈ। ਜੋ ਵੀ ਤੁਸੀਂ ਪੜ੍ਹਦੇ ਹੋ, ਉਹ ਤੁਹਾਡੇ ਦਿਮਾਗ ਵਿੱਚ ਨਵੀਂ ਜਾਣਕਾਰੀ ਜੋੜਦੀ ਹੈ, ਅਤੇ ਤੁਸੀਂ ਕਦੇ ਨਹੀਂ ਜਾਣਦੇ ਹੋ ਕਿ ਇਹ ਜਾਣਕਾਰੀ ਤੁਹਾਡੇ ਲਈ ਕਦੋਂ ਲਾਭਦਾਇਕ ਹੋ ਸਕਦੀ ਹੈ। ਜਿੰਨਾ ਜ਼ਿਆਦਾ ਗਿਆਨ ਤੁਸੀਂ ਪ੍ਰਾਪਤ ਕਰਦੇ ਹੋ, ਤੁਸੀਂ ਜੀਵਨ ਤੁਹਾਡੇ 'ਤੇ ਸੁੱਟੇ ਜਾਣ ਵਾਲੀਆਂ ਕਿਸੇ ਵੀ ਸਮੱਸਿਆਵਾਂ ਨਾਲ ਨਜਿੱਠਣ ਲਈ ਉੱਨੀ ਹੀ ਬਿਹਤਰ ਢੰਗ ਨਾਲ ਤਿਆਰ ਹੋਵੋਗੇ। ਨਾਲ ਹੀ, ਭਾਵੇਂ ਤੁਸੀਂ ਆਪਣੀ ਨੌਕਰੀ, ਪੈਸਾ ਜਾਂ ਸਿਹਤ ਵਰਗੀਆਂ ਚੀਜ਼ਾਂ ਗੁਆ ਬੈਠਦੇ ਹੋ, ਤੁਹਾਡੇ ਦੁਆਰਾ ਪ੍ਰਾਪਤ ਕੀਤਾ ਗਿਆ ਗਿਆਨ ਤੁਹਾਡੇ ਕੋਲ ਰਹਿੰਦਾ ਹੈ ਅਤੇ ਇਸਨੂੰ ਕਦੇ ਵੀ ਖੋਹਿਆ ਨਹੀਂ ਜਾ ਸਕਦਾ। ਤਣਾਅ ਨੂੰ ਘੱਟ ਕਰਨ ਵਿੱਚ ਮਦਦ ਕਰਦਾ ਹੈ ਅੱਜ ਦੇ ਸੰਸਾਰ ਵਿੱਚ ਲੋਕ ਬਹੁਤ ਜ਼ਿਆਦਾ ਤਣਾਅ ਵਿੱਚ ਹਨ ਅਤੇ ਪੜ੍ਹਨਾ ਤਣਾਅ ਘਟਾਉਣ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ। ਭਾਵੇਂ ਇਹ ਇੱਕ ਮਨਮੋਹਕ ਨਾਵਲ ਹੈ ਜੋ ਤੁਹਾਨੂੰ ਕਿਸੇ ਹੋਰ ਸੰਸਾਰ ਵਿੱਚ ਲੈ ਜਾਂਦਾ ਹੈ ਜਾਂ ਇੱਕ ਦਿਲਚਸਪ ਲੇਖ ਜੋ ਤੁਹਾਨੂੰ ਪਲ ਵਿੱਚ ਖਿੱਚਦਾ ਹੈ, ਇੱਕ ਕਹਾਣੀ ਵਿੱਚ ਆਪਣੇ ਆਪ ਨੂੰ ਗੁਆਉਣ ਨਾਲ ਤਣਾਅ ਦੂਰ ਹੋਣ ਵਿੱਚ ਮਦਦ ਮਿਲ ਸਕਦੀ ਹੈ। ਜਦੋਂ ਤੁਸੀਂ ਆਪਣੇ ਆਪ ਨੂੰ ਕਹਾਣੀਆਂ ਦੀ ਇੱਕ ਕਲਪਨਾ ਸੰਸਾਰ ਵਿੱਚ ਲੀਨ ਕਰ ਲੈਂਦੇ ਹੋ, ਤਾਂ ਤੁਸੀਂ ਸਕੂਲ, ਨਿੱਜੀ ਸਬੰਧਾਂ ਅਤੇ ਰੋਜ਼ਾਨਾ ਜੀਵਨ ਨਾਲ ਸਬੰਧਤ ਸਮੱਸਿਆਵਾਂ ਅਤੇ ਤਣਾਅ ਤੋਂ ਮਾਨਸਿਕ ਛੁਟਕਾਰਾ ਪ੍ਰਾਪਤ ਕਰਦੇ ਹੋ, ਜਿਸ ਨਾਲ ਤੁਸੀਂ ਆਰਾਮ ਅਤੇ ਰੀਚਾਰਜ ਕਰ ਸਕਦੇ ਹੋ।

ਤੁਹਾਡੀ ਸ਼ਬਦਾਵਲੀ ਨੂੰ ਵਧਾਉਣ ਵਿੱਚ ਮਦਦ ਕਰਦਾ ਹੈ ਜੇਕਰ ਤੁਸੀਂ ਹਰ ਰੋਜ਼ ਨਵੇਂ ਸ਼ਬਦ ਸਿੱਖਣਾ ਚਾਹੁੰਦੇ ਹੋ, ਤਾਂ ਪੜ੍ਹਨਾ ਹੋਰ ਸ਼ਬਦਾਂ ਨੂੰ ਸਿੱਖਣ ਦਾ ਸਭ ਤੋਂ ਵਧੀਆ ਤਰੀਕਾ ਹੈ ਜੋ ਤੁਸੀਂ ਆਪਣੇ ਰੋਜ਼ਾਨਾ ਜੀਵਨ ਵਿੱਚ ਵਰਤ ਸਕਦੇ ਹੋ। ਨਵੇਂ ਸ਼ਬਦ ਸਿੱਖਣ ਨਾਲ ਨਾ ਸਿਰਫ਼ ਤੁਹਾਨੂੰ ਚੰਗੀ ਤਰ੍ਹਾਂ ਬੋਲਣ ਵਿੱਚ ਮਦਦ ਮਿਲਦੀ ਹੈ, ਸਗੋਂ ਇਹ ਤੁਹਾਡੇ ਆਤਮ ਵਿਸ਼ਵਾਸ ਨੂੰ ਵੀ ਵਧਾਉਂਦਾ ਹੈ, ਤੁਹਾਡੇ ਕੈਰੀਅਰ ਦੀਆਂ ਸੰਭਾਵਨਾਵਾਂ ਨੂੰ ਵਧਾਉਂਦਾ ਹੈ ਅਤੇ ਤੁਹਾਨੂੰ ਵਧੇਰੇ ਸਪਸ਼ਟ ਬਣਾਉਂਦਾ ਹੈ।

ਇਸ ਤੋਂ ਇਲਾਵਾ, ਨਵੇਂ ਸਿਖਿਆਰਥੀਆਂ ਲਈ ਪੜ੍ਹਨਾ ਮਹੱਤਵਪੂਰਨ ਹੈ ਜੋ ਨਵੀਆਂ ਭਾਸ਼ਾਵਾਂ ਸਿੱਖ ਰਹੇ ਹਨ ਕਿਉਂਕਿ ਪੜ੍ਹਨਾ ਗੈਰ-ਮੂਲ ਬੋਲਣ ਵਾਲਿਆਂ ਨੂੰ ਸੰਦਰਭ ਵਿੱਚ ਵਰਤੇ ਗਏ ਸ਼ਬਦਾਂ ਨੂੰ ਦੇਖ ਕੇ ਉਹਨਾਂ ਦੀ ਰਵਾਨਗੀ ਵਿੱਚ ਸੁਧਾਰ ਕਰਨ ਵਿੱਚ ਮਦਦ ਕਰਦਾ ਹੈ। ਤੁਹਾਡੀ ਯਾਦਦਾਸ਼ਤ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦਾ ਹੈ ਕੀ ਤੁਸੀਂ ਮਹੱਤਵਪੂਰਣ ਤਾਰੀਖਾਂ ਜਾਂ ਜਾਣਕਾਰੀ ਭੁੱਲ ਜਾਂਦੇ ਹੋ? ਜੇ ਹਾਂ, ਤਾਂ ਪੜ੍ਹਨਾ ਤੁਹਾਡੀ ਯਾਦਦਾਸ਼ਤ ਨੂੰ ਸੁਧਾਰਨ ਦਾ ਇੱਕ ਤਰੀਕਾ ਹੈ। ਜਦੋਂ ਤੁਸੀਂ ਕੋਈ ਕਿਤਾਬ ਪੜ੍ਹਦੇ ਹੋ, ਤਾਂ ਤੁਹਾਨੂੰ ਵੱਖੋ-ਵੱਖਰੇ ਕਿਰਦਾਰ, ਉਨ੍ਹਾਂ ਦੇ ਪਿਛੋਕੜ, ਅਤੇ ਕਹਾਣੀ ਦੇ ਮੋੜ ਅਤੇ ਮੋੜ ਯਾਦ ਹੁੰਦੇ ਹਨ। ਇਹ ਅਭਿਆਸ ਤੁਹਾਡੇ ਦਿਮਾਗ ਨੂੰ ਮਜ਼ਬੂਤ ਬਣਾਉਂਦਾ ਹੈ ਅਤੇ ਤੁਹਾਡੇ ਮੂਡ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਚੀਜ਼ਾਂ ਨੂੰ ਬਿਹਤਰ ਢੰਗ ਨਾਲ ਯਾਦ ਕਰਨ ਵਿੱਚ ਤੁਹਾਡੀ ਮਦਦ ਕਰਦਾ ਹੈ। ਉਦਾਹਰਨ ਲਈ, ਇੱਕ ਰਹੱਸਮਈ ਨਾਵਲ ਵਿੱਚ, ਤੁਹਾਨੂੰ ਸ਼ਾਇਦ ਉਹ ਸੁਰਾਗ ਯਾਦ ਹੋਣਗੇ ਜੋ ਕੇਸ ਨੂੰ ਸੁਲਝਾਉਣ ਲਈ ਅਗਵਾਈ ਕਰਦੇ ਹਨ। ਜਦੋਂ ਕਿ, ਇੱਕ ਕਲਪਨਾ ਵਿੱਚ, ਤੁਸੀਂ ਵੱਖ-ਵੱਖ ਪਾਤਰਾਂ ਅਤੇ ਉਨ੍ਹਾਂ ਦੇ ਸਾਹਸ ਦਾ ਧਿਆਨ ਰੱਖਦੇ ਹੋ। ਤੁਹਾਡੇ ਫੋਕਸ ਅਤੇ ਇਕਾਗਰਤਾ ਨੂੰ ਵਧਾਉਣ ਵਿੱਚ ਮਦਦ ਕਰਦਾ ਹੈ ਅੱਜ ਦੇ ਸੰਸਾਰ ਵਿੱਚ, ਹਰ ਕਿਸੇ ਦਾ ਧਿਆਨ ਦਿਨ-ਬ-ਦਿਨ ਘਟਦਾ ਜਾ ਰਿਹਾ ਹੈ ਕਿਉਂਕਿ ਲੋਕ ਇੱਕੋ ਸਮੇਂ ਕਈ ਕੰਮਾਂ ਨੂੰ ਜੁਗਲ ਕਰਦੇ ਹਨ। ਇਹ ਲਗਾਤਾਰ ਮਲਟੀਟਾਸਕਿੰਗ ਤਣਾਅ ਅਤੇ ਘੱਟ ਉਤਪਾਦਕਤਾ ਨੂੰ ਵਧਾ ਸਕਦੀ ਹੈ। ਹਾਲਾਂਕਿ, ਜਦੋਂ ਤੁਸੀਂ ਇੱਕ ਕਿਤਾਬ ਪੜ੍ਹਦੇ ਹੋ, ਤਾਂ ਤੁਹਾਡਾ ਧਿਆਨ ਕਹਾਣੀ ਨੂੰ ਪੂਰੀ ਤਰ੍ਹਾਂ ਸਮਰਪਿਤ ਹੁੰਦਾ ਹੈ, ਜਿਸ ਨਾਲ ਤੁਸੀਂ ਭਟਕਣਾਂ ਤੋਂ ਬਚ ਸਕਦੇ ਹੋ ਅਤੇ ਆਪਣੇ ਆਪ ਨੂੰ ਵੇਰਵਿਆਂ ਵਿੱਚ ਲੀਨ ਕਰ ਸਕਦੇ ਹੋ। ਕੀ ਤੁਸੀਂ ਜਾਣਦੇ ਹੋ ਕਿ, ਸਕੂਲ ਤੋਂ ਪਹਿਲਾਂ ਸਿਰਫ਼ 15-20 ਮਿੰਟ ਪੜ੍ਹਨਾ ਤੁਹਾਨੂੰ ਕਲਾਸਾਂ ਦੌਰਾਨ ਬਿਹਤਰ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰ ਸਕਦਾ ਹੈ? ਲਿਖਣ ਦੇ ਹੁਨਰ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦਾ ਹੈ ਵੱਖ-ਵੱਖ ਕਿਤਾਬਾਂ, ਲੇਖ ਜਾਂ ਕਹਾਣੀਆਂ ਨੂੰ ਪੜ੍ਹਨਾ ਤੁਹਾਨੂੰ ਕਈ ਤਰ੍ਹਾਂ ਦੀਆਂ ਲਿਖਤਾਂ ਦਾ ਸਾਹਮਣਾ ਕਰਦਾ ਹੈਸ਼ੈਲੀਆਂ, ਸ਼ਬਦਾਵਲੀ, ਅਤੇ ਵਿਚਾਰਾਂ ਨੂੰ ਪ੍ਰਗਟ ਕਰਨ ਦੇ ਤਰੀਕੇ। ਇਹ ਤੁਹਾਨੂੰ ਵਾਕਾਂ ਦੀ ਬਣਤਰ, ਵਿਚਾਰ ਵਿਕਸਿਤ ਕਰਨ ਅਤੇ ਸਹੀ ਸ਼ਬਦਾਂ ਦੀ ਚੋਣ ਕਰਨ ਬਾਰੇ ਸਿੱਖਣ ਵਿੱਚ ਮਦਦ ਕਰਦਾ ਹੈ। ਇਹ ਜਾਣ ਕੇ ਕਿ ਤਜਰਬੇਕਾਰ ਲੇਖਕ ਆਪਣੀਆਂ ਕਹਾਣੀਆਂ ਕਿਵੇਂ ਤਿਆਰ ਕਰਦੇ ਹਨ ਅਤੇ ਜਾਣਕਾਰੀ ਦੀ ਵਿਆਖਿਆ ਕਰਦੇ ਹਨ, ਤੁਸੀਂ ਆਪਣੀ ਖੁਦ ਦੀ ਲਿਖਤ ਨੂੰ ਸੁਧਾਰਨਾ ਸ਼ੁਰੂ ਕਰਦੇ ਹੋ। ਇਸ ਤੋਂ ਇਲਾਵਾ, ਜਿੰਨਾ ਜ਼ਿਆਦਾ ਤੁਸੀਂ ਪੜ੍ਹੋਗੇ, ਓਨਾ ਹੀ ਜ਼ਿਆਦਾ ਤੁਹਾਨੂੰ ਆਪਣੀਆਂ ਕਹਾਣੀਆਂ ਲਿਖਣ ਲਈ ਰਚਨਾਤਮਕ ਵਿਚਾਰ ਪ੍ਰਾਪਤ ਹੋਣਗੇ। ਮਜ਼ਬੂਤ ਵਿਸ਼ਲੇਸ਼ਣ ਸੰਬੰਧੀ ਹੁਨਰਾਂ ਨੂੰ ਬਣਾਉਣ ਵਿੱਚ ਮਦਦ ਕਰਦਾ ਹੈ ਉਦੋਂ ਕੀ ਜੇ ਪੜ੍ਹਨਾ ਤੁਹਾਡੀ ਸਮੱਸਿਆ-ਹੱਲ ਕਰਨ ਦੇ ਹੁਨਰ ਨੂੰ ਤਿੱਖਾ ਕਰਨ ਲਈ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ? ਕੀ ਤੁਸੀਂ ਹੈਰਾਨ ਹੋ ਕਿ ਇੱਕ ਸਧਾਰਨ ਕਿਤਾਬ ਤੁਹਾਡੇ ਸੋਚਣ ਦੇ ਤਰੀਕੇ ਨੂੰ ਕਿਵੇਂ ਬਦਲ ਸਕਦੀ ਹੈ? ਪੜ੍ਹਨਾ ਦਿਮਾਗ ਨੂੰ ਆਲੋਚਨਾਤਮਕ ਸੋਚ ਅਤੇ ਸਮਝ ਵਿੱਚ ਸ਼ਾਮਲ ਕਰਕੇ ਮਜ਼ਬੂਤ ਵਿਸ਼ਲੇਸ਼ਣ ਸੰਬੰਧੀ ਹੁਨਰਾਂ ਨੂੰ ਬਣਾਉਣ ਵਿੱਚ ਮਦਦ ਕਰਦਾ ਹੈ। ਜਿਵੇਂ ਕਿ ਪਾਠਕ ਗੁੰਝਲਦਾਰ ਪਲਾਟਾਂ, ਦਲੀਲਾਂ, ਜਾਂ ਡੇਟਾ ਦਾ ਵਿਸ਼ਲੇਸ਼ਣ ਕਰਦੇ ਹਨ, ਉਹ ਮੁੱਖ ਵੇਰਵਿਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਸਕਦੇ ਹਨ, ਇਹ ਸਮਝਣ ਦੀ ਕੋਸ਼ਿਸ਼ ਕਰ ਸਕਦੇ ਹਨ ਕਿ ਵੱਖੋ-ਵੱਖਰੇ ਵਿਚਾਰ ਅਤੇ ਕਹਾਣੀਆਂ ਕਿਵੇਂ ਜੁੜਦੀਆਂ ਹਨ ਅਤੇ ਵੱਖ-ਵੱਖ ਦ੍ਰਿਸ਼ਟੀਕੋਣਾਂ ਨੂੰ ਦੇਖ ਸਕਦੇ ਹਨ, ਜੋ ਉਹਨਾਂ ਦੇ ਸੋਚਣ ਦੇ ਹੁਨਰ ਨੂੰ ਸੁਧਾਰਨ ਵਿੱਚ ਮਦਦ ਕਰੇਗਾ। ਹੇਠਲੀ ਲਾਈਨ ਹਰ ਰੋਜ਼ ਸਿਰਫ਼ ਕੁਝ ਮਿੰਟ ਪੜ੍ਹਨਾ ਤੁਹਾਡੇ ਮੂਡ ਨੂੰ ਵਧਾ ਸਕਦਾ ਹੈ, ਤੁਹਾਡੇ ਦਿਮਾਗ ਨੂੰ ਤਿੱਖਾ ਕਰ ਸਕਦਾ ਹੈ, ਅਤੇ ਤਣਾਅ ਘਟਾ ਸਕਦਾ ਹੈ। ਇਹ ਤੁਹਾਡੇ ਦਿਮਾਗ ਨੂੰ ਕਿਰਿਆਸ਼ੀਲ ਰੱਖਣ ਵਿੱਚ ਮਦਦ ਕਰਦਾ ਹੈ, ਤੁਹਾਡੇ ਗਿਆਨ ਨੂੰ ਵਧਾਉਂਦਾ ਹੈ, ਅਤੇ ਤੁਹਾਡੀ ਸ਼ਬਦਾਵਲੀ ਵਿੱਚ ਸੁਧਾਰ ਕਰਦਾ ਹੈ। ਪੜ੍ਹਨਾ ਤੁਹਾਨੂੰ ਚੀਜ਼ਾਂ ਨੂੰ ਬਿਹਤਰ ਢੰਗ ਨਾਲ ਯਾਦ ਰੱਖਣ, ਫੋਕਸ ਰਹਿਣ ਅਤੇ ਇੱਕ ਬਿਹਤਰ ਲੇਖਕ ਬਣਨ ਵਿੱਚ ਵੀ ਮਦਦ ਕਰਦਾ ਹੈ। ਇਸ ਤੋਂ ਇਲਾਵਾ, ਇਹ ਤੁਹਾਨੂੰ ਵੱਖੋ-ਵੱਖਰੇ ਵਿਚਾਰਾਂ ਅਤੇ ਦ੍ਰਿਸ਼ਟੀਕੋਣਾਂ ਬਾਰੇ ਗੰਭੀਰਤਾ ਨਾਲ ਸੋਚਣ ਦੁਆਰਾ ਤੁਹਾਡੇ ਵਿਸ਼ਲੇਸ਼ਣਾਤਮਕ ਹੁਨਰ ਨੂੰ ਵਿਕਸਤ ਕਰ ਸਕਦਾ ਹੈ। ਕੁੱਲ ਮਿਲਾ ਕੇ, ਰੋਜ਼ਾਨਾ ਪੜ੍ਹਨ ਦੀ ਆਦਤ ਬਣਾਉਣਾ ਤੁਹਾਡੀ ਮਾਨਸਿਕ ਸਿਹਤ ਅਤੇ ਨਿੱਜੀ ਵਿਕਾਸ ਨੂੰ ਬਹੁਤ ਲਾਭ ਪਹੁੰਚਾ ਸਕਦਾ ਹੈ।






# 65ਵਾਂ ਪੁਲਿਸ ਯਾਦਗਾਰੀ ਦਿਵਸ: ਡੀਜੀਪੀ ਗੌਰਵ ਯਾਦਵ ਨੇ ਪੁਲਿਸ ਸ਼ਹੀਦਾਂ ਨੂੰ ਭੇਟ ਕੀਤੀ ਸ਼ਰਧਾਂਜਲੀ

*** 65ਵਾਂ ਪੁਲਿਸ ਯਾਦਗਾਰੀ ਦਿਵਸ: ਡੀਜੀਪੀ ਗੌਰਵ ਯਾਦਵ ਨੇ ਪੁਲਿਸ ਸ਼ਹੀਦਾਂ ਨੂੰ ਭੇਟ ਕੀਤੀ ਸ਼ਰਧਾਂਜਲੀ *ਡੀਜੀਪੀ ਗੌਰਵ ਯਾਦਵ ਨੇ ਲੋਕਾਂ ਨੂੰ ਸਾਰੇ ਵੱਡੇ/ਛੋਟੇ ਅਪਰਾਧਾਂ ਬਾਰੇ ਰਿਪੋਰਟ ਕਰਨ ਦੀ ਕੀਤੀ ਅਪੀਲ , ਸੀਪੀਜ਼/ਐਸਐਸਪੀਜ਼ ਨੂੰ ਤੁਰੰਤ ਐਫ.ਆਈ.ਆਰ. ਦਰਜ ਕਰਨ ਦੇ ਆਦੇਸ਼**

ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਅੱਤਵਾਦੀਆਂ ਅਤੇ ਅਪਰਾਧੀਆਂ ਨਾਲ ਲੋਹਾ ਲੈਂਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਪੁਲਿਸ ਮੁਲਾਜ਼ਮਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੇ ਮੱਦੇਨਜ਼ਰ ਸੋਮਵਾਰ ਨੂੰ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਹੈੱਡਕੁਆਰਟਰ ਵਿਖੇ 65ਵਾਂ ਸੂਬਾ ਪੱਧਰੀ ਪੁਲਿਸ ਯਾਦਗਾਰੀ ਦਿਵਸ ਮਨਾਇਆ ਗਿਆ।



ਪੁਲਿਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਇੱਕ ਬੇਮਿਸਾਲ ਫੋਰਸ ਹੈ, ਜਿਸ ਨੇ ਸ਼ਾਂਤੀ ਅਤੇ ਅਸਥਿਰਤਾ ਦੇ ਦੌਰ ਵਿੱਚ ਦੇਸ਼ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਕਰਮੀਆਂ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਅਤੇ ਲੋਕਾਂ ਨੂੰ ਸੁਰੱਖਿਆ ਦੇਣ ਲਈ ਆਪਣੀਆਂ ਜਾਨਾਂ ਵਾਰੀਆਂ ਹਨ। ਉਨ੍ਹਾਂ ਕਿਹਾ ਕਿ ਸਤੰਬਰ 1981 ਤੋਂ ਹੁਣ ਤੱਕ ਪੰਜਾਬ ਪੁਲਿਸ ਦੇ 1799 ਮੁਲਾਜ਼ਮਾਂ ਜਿਨ੍ਹਾਂ ਵਿੱਚ ਇਸ ਸਾਲ ਦੇ ਦੋ ਮੁਲਾਜ਼ਮ ਸ਼ਾਮਲ ਹਨ, ਨੇ ਆਪਣੀ ਜਾਨ ਦੇਸ਼ ਦੇ ਲੇਖੇ ਲਾਈ ।

ਦੇਸ਼ ਦੀ ਖਾਤਰ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸੂਰਬੀਰਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਪੁਲਿਸ ਮੁਖੀ ਨੇ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਸਾਰੇ ਆਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਆਪਣੀ ਬਹਾਦਰੀ, ਦਲੇਰੀ ਅਤੇ ਸਫਲਤਾਪੂਰਵਕ ਅੱਤਵਾਦ ਨੂੰ ਜੜ੍ਹੋਂ ਪੁੱਟਣ ਲਈ ਜਾਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮਾਤ ਭੂਮੀ ਨੂੰ ਦੁਸ਼ਮਣਾਂ ਤੋਂ ਬਚਾਉਣ ਲਈ ਪੰਜਾਬ ਪੁਲਿਸ ਹਮੇਸ਼ਾ ਦ੍ਰਿੜ ਤੇ ਮੋਹਰੀ ਰਹੀ ਹੈ। ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਸਰਹੱਦੀ ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਲਗਾਤਾਰ ਯਤਨ ਕਰਦੀ ਰਹੇਗੀ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਸਟਰੀਟ ਕ੍ਰਾਈਮ ਅਤੇ ਨਸ਼ਿਆਂ ਦੀ ਵਿਕਰੀ ਦੋ ਅਜਿਹੀਆਂ ਗੰਭੀਰ ਚੁਣੌਤੀਆਂ ਹਨ, ਜੋ ਸਿੱਧੇ ਤੌਰ 'ਤੇ ਆਮ ਨਾਗਰਿਕਾਂ ਨੂੰ ਪ੍ਰਭਾਵਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਟਰੀਟ ਕ੍ਰਾਈਮ ਨਾਲ ਨਜਿੱਠਣ ਲਈ, ਅਪਰਾਧ ਮੈਪਿੰਗ ਦੀ ਵਰਤੋਂ ਕਰਦੇ ਹੋਏ ਅਪਰਾਧ ਦੇ ਹੌਟਸਪੌਟਸ ਦੀ ਪਛਾਣ ਕਰਨ ਅਤੇ ਅਜਿਹੇ ਖੇਤਰਾਂ 'ਤੇ ਪੁਲਿਸ ਗਸ਼ਤ ਅਤੇ ਤਾਇਨਾਤੀ ਨੂੰ ਵਧਾਉਣ ਲਈ ਰਣਨੀਤੀ ਤਿਆਰ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਨਸ਼ਿਆਂ ਦੇ ਮਕੜ-ਜਾਲ ਨੂੰ ਤੋੜਨ ਲਈ ਲੋਕਾਂ ਦੇ ਸੁਹਿਰਦ ਸਹਿਯੋਗ ਨਾਲ ਨਸ਼ਿਆਂ ਦੇ ਹੌਟਸਪੌਟਸ ਦੀ ਸ਼ਨਾਖਤ ਕੀਤੀ ਜਾ ਰਹੀ ਹੈ ਅਤੇ ਨਸ਼ਾ ਵੇਚਣ ਵਾਲੀਆਂ ਥਾਵਾਂ ਬਾਰੇ ਸਿੱਧੀ ਤੇ ਪੁਖ਼ਤਾ ਜਾਣਕਾਰੀ ਹਾਸਲ ਕਰਨ ਲਈ ਸੀ.ਪੀ./ਐਸ.ਐਸ.ਪੀਜ਼ ਵੱਲੋਂ ਜਨਤਕ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਡੀਜੀਪੀ ਨੇ ਦੁਹਰਾਇਆ , ''ਸਾਡੀ ਸਭ ਤੋਂ ਮੁੱਢਲੀ ਤਰਜੀਹ ਆਮ ਨਾਗਰਿਕ ਹਨ। ਅਸੀਂ ਇਹ ਪਛਾਣ ਕਰ ਰਹੇ ਹਾਂ ਕਿ ਉਹਨਾਂ ਨੂੰ ਸਭ ਤੋਂ ਵੱਧ ਕੀ ਪ੍ਰਭਾਵਿਤ ਕਰਦਾ ਹੈ ਅਤੇ ਉਹਨਾਂ ਦੀਆਂ ਸਮੱਸਿਆਂ ਨੂੰ ਹੱਲ ਕਰਨ ਲਈ ਅਸੀਂ ਬਾਕਾਇਦਗੀ ਨਾਲ ਕੰਮ ਕਰ ਰਹੇ ਹਾਂ,''। ਉਨ੍ਹਾਂ ਜੋਰ ਦੇ ਕਿਹਾ ਕਿ ਅਸੀਂ ਪੰਜਾਬ ਦੇ ਲੋਕਾਂ ਨੂੰ ਲੋਕ ਪੱਖੀ ਅਤੇ ਪ੍ਰਭਾਵੀ ਪੁਲਿਸ ਸੇਵਾਵਾਂ ਦੇਣਾ ਚਾਹੁੰਦੇ ਹਾਂ।

ਫ਼ਿਰੌਤੀ ਕਾਲਾਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਿਆ ਹੈ ਕਿ ਅਜਿਹੀਆਂ ਕਾਲਾਂ ਚੋਂ 80 ਫੀਸਦੀ ਤੋਂ ਵੱਧ ਕਾਲਾਂ ਗੈਂਗਸਟਰ ਦੀ ਆੜ ਵਿੱਚ ਸਥਾਨਕ ਅਪਰਾਧੀਆਂ ਵੱਲੋਂ ਕੀਤੀਆਂ ਜਾਂਦੀਆਂ ਹਨ, ਜਦੋਂ ਕਿ 20 ਫੀਸਦੀ ਤੋਂ ਵੀ ਘੱਟ ਅਸਲ ਫਿਰੌਤੀ ਕਾਲਾਂ ਹੁੰਦੀਆਂ ਹਨ। ਉਨ੍ਹਾਂ ਲੋਕਾਂ ਨੂੰ ਅਜਿਹੇ ਅਪਰਾਧਾਂ ਬਾਰੇ ਤੁਰੰਤ ਸੂਚਲਾ ਦੇਣ ਦੀ ਅਪੀਲ ਕੀਤੀ ਅਤੇ ਸੀਪੀਜ਼/ਐਸਐਸਪੀਜ਼ ਨੂੰ ਹਦਾਇਤ ਕੀਤੀ ਕਿ ਹਰ ਫਿਰੌਤੀ ਕਾਲ ਜਾਂ ਸਨੈਚਿੰਗ ਵਰਗੇ ਹੋਰ ਫੁਟਕਲ ਅਪਰਾਧਾਂ ਦੀ ਤੁਰੰਤ ਐਫਆਈਆਰ ਦਰਜ ਕੀਤੀ ਜਾਵੇ ਤਾਂ ਜੋ ਉਨ੍ਹਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਸਕੇ।



ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਸੰਗਠਿਤ ਅਪਰਾਧ ਵਿਰੁੱਧ ਸਰਗਰਮ ਪਹੁੰਚ ਅਪਣਾਈ ਹੈ, ਜਿਸ ਤਹਿਤ ਜੇਕਰ ਕੋਈ ਅਪਰਾਧੀ ਪੁਲਿਸ ਟੀਮ 'ਤੇ ਗੋਲੀ ਚਲਾਉਂਦਾ ਹੈ ਤਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਸਵੈ-ਰੱਖਿਆ ਵਿੱਚ ਜਵਾਬੀ ਕਾਰਵਾਈ ਕਰਨ ਦੀ ਖੁੱਲ੍ਹ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਪੁਲਿਸ ਮੁਲਾਜ਼ਮਾਂ ਲਈ ਸਿਹਤ ਬੀਮਾ ਯੋਜਨਾ ਵੀ ਸ਼ੁਰੂ ਕੀਤੀ ਹੈ, ਜਿਸ ਤਹਿਤ ਸੂਬੇ ਭਰ ਦੇ 300 ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ, ਜਿੱਥੇ ਪੁਲਿਸ ਮੁਲਾਜ਼ਮ ਲਈ ਰਿਆਇਤੀ ਦਰਾਂ 'ਤੇ ਮੈਡੀਕਲ ਸਹੂਲਤਾਂ ਉਪਲਬਧ ਹਨ।

ਸਮਾਗਮ ਤੋਂ ਬਾਅਦ ਡੀਜੀਪੀ ਗੌਰਵ ਯਾਦਵ ਨੇ ਸ਼ਹੀਦਾਂ ਦੇ ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਗੱਲ ਹਮਦਰਦੀ ਨਾਲ ਸੁਣਦਿਆਂ ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਪੂਰਨ ਸਹਿਯੋਗ ਅਤੇ ਮਦਦ ਦਾ ਭਰੋਸਾ ਦਿੱਤਾ।

ਉਨ੍ਹਾਂ ਕਿਹਾ ਕਿ ਅਸੀਂ ਆਪਣੇ ਬਹਾਦਰ ਜਵਾਨਾਂ ਦੀਆਂ ਕੁਰਬਾਨੀਆਂ ਨੂੰ ਵਿਅਰਥ ਨਹੀਂ ਜਾਣ ਦੇਵਾਂਗੇ ਅਤੇ ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਪੰਜਾਬ ਪੁਲਿਸ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਯਕੀਨੀ ਬਣਾਉਣ ਲਈ ਪੂਰੀ ਲਗਨ ਅਤੇ ਤਨਦੇਹੀ ਨਾਲ ਸੇਵਾ ਨਿਭਾਉਂਦੀ ਰਹੇਗੀ।

ਇਸ ਦੌਰਾਨ ਪੀ.ਏ.ਪੀ. ਕੈਂਪਸ ਅੰਦਰ ਬਣੇ ਪੁਲਿਸ ਸ਼ਹੀਦੀ ਸਮਾਰਕ ਵਿਖੇ ਯਾਦਗਾਰੀ ਪਰੇਡ ਵੀ ਕੀਤੀ ਗਈ। ਇਸ ਉਪਰੰਤ 75ਵੀਂ ਬਟਾਲੀਅਨ ਪੀਏਪੀ ਜਲੰਧਰ ਪੰਜਾਬ ਦੇ ਕਮਾਂਡੈਂਟ ਵਿਵੇਕ ਸ਼ੀਲ ਸੋਨੀ ਨੇ ਇਸ ਸਾਲ ਅਮਨ-ਕਾਨੂੰਨ ਲਈ ਡਿਊਟੀ ਦੌਰਾਨ ਸ਼ਹੀਦ ਹੋਣ ਵਾਲੇ ਕਾਂਸਟੇਬਲ ਅੰਮ੍ਰਿਤਪਾਲ ਸਿੰਘ ਅਤੇ ਪੀ.ਐਚ.ਜੀ. ਜਸਪਾਲ ਸਿੰਘ ਸਮੇਤ ਇਸ ਸਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ 213 ਬਹਾਦਰ ਪੁਲਿਸ ਮੁਲਾਜ਼ਮਾਂ ਦੇ ਨਾਮ ਵੀ ਪੜ੍ਹੇ। ਇਸ ਮੌਕੇ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ ਅਤੇ ਸੀਨੀਅਰ ਅਧਿਕਾਰੀਆਂ ਨੇ ਸ਼ਹੀਦੀ ਸਮਾਰਕ 'ਤੇ ਫੁੱਲਮਾਲਾਵਾਂ ਭੇਟ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਵੀ ਦਿੱਤੀ।

ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਸਪੈਸ਼ਲ ਡੀਜੀਪੀ, ਏਡੀਜੀਪੀ, ਆਈਜੀਪੀ ਅਤੇ ਹੋਰ ਸੀਨੀਅਰ ਪੁਲਿਸ ਅਧਿਕਾਰੀ/ਕਰਮਚਾਰੀ ਸ਼ਾਮਲ ਸਨ।

## ਪੁਲਿਸ ਯਾਦਗਾਰੀ ਦਿਵਸ ਦਾ ਇਤਿਹਾਸ

ਪੁਲਿਸ ਯਾਦਗਾਰੀ ਦਿਵਸ ਦਾ ਸਬੰਧ 21 ਅਕਤੂਬਰ, 1959 ਦੀ ਘਟਨਾ ਨਾਲ ਹੈ, ਜਦੋਂ ਲੱਦਾਖ ਦੇ ਹੌਟ ਸਪ੍ਰਿੰਗਜ਼ ਵਿਖੇ ਐਸ.ਆਈ. ਕਰਮ ਸਿੰਘ ਦੀ ਅਗਵਾਈ ਵਿੱਚ ਸੀ.ਆਰ.ਪੀ.ਐਫ. ਦੀ ਗਸ਼ਤ ਪਾਰਟੀ 'ਤੇ ਘਾਤ ਲਗਾ ਕੇ ਬੈਠੇ ਚੀਨੀ ਬਲਾਂ ਨੇ ਹਮਲਾ ਕਰ ਦਿੱਤਾ ਸੀ, ਜਿਸ ਦੌਰਾਨ ਸਾਡੇ 10 ਜਵਾਨ ਮਾਰੇ ਗਏ ਸਨ। ਸਾਡੇ ਬਹਾਦਰ ਜਵਾਨਾਂ ਨੇ 16,000 ਫੁੱਟ ਦੀ ਉਚਾਈ ਅਤੇ ਕੜਾਕੇ ਦੀ ਠੰਡ ਵਿੱਚ ਔਕੜਾਂ ਦਾ ਡੱਅ ਕੇ ਸਾਹਮਣਾ ਕਰਦਿਆਂ ਦੇਸ਼ ਲਈ ਕੁਰਬਾਨੀਆਂ ਦੇ ਕੇ ਆਪਣੇ ਬੁਲੰਦ ਹੌਸਲੇ ਅਤੇ ਸਾਹਸ ਦਾ ਸਬੂਤ ਦਿੱਤਾ। 21 ਅਕਤੂਬਰ, 1959 ਨੂੰ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸ਼ੂਰਵੀਰ ਜਵਾਨਾਂ ਨੂੰ, ਸ਼ਰਧਾਂਜਲੀ ਦੇਣ ਲਈ ਇੰਡੋ-ਤਿੱਬਤੀਅਨ ਬਾਰਡਰ ਪੁਲਿਸ ਵੱਲੋਂ ਹਰ ਸਾਲ ਦੇਸ਼ ਦੇ ਸਾਰੇ ਪੁਲਿਸ ਬਲਾਂ ਦੇ ਇੱਕ ਪ੍ਰਤੀਨਿਧੀ ਦਲ ਨੂੰ ਹਾਟ ਸਪ੍ਰਿੰਗਜ਼ ਲੱਦਾਖ ਵਿਖੇ ਭੇਜਿਆ ਜਾਂਦਾ ਹੈ।

ਉਦੋਂ ਤੋਂ ਹਰ ਸਾਲ 21 ਅਕਤੂਬਰ ਨੂੰ ਸਾਰੇ ਪੁਲਿਸ ਯੂਨਿਟਾਂ ਵਿੱਚ ਬਹਾਦਰ ਪੁਲਿਸ ਸ਼ਹੀਦਾਂ, ਜਿਨ੍ਹਾਂ ਨੇ ਤਨਦੇਹੀ ਨਾਲ ਡਿਊਟੀ ਨਿਭਾਉਂਦਿਆਂ ਦੇਸ਼ ਖ਼ਾਤਰ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ, ਦੇ ਸਤਿਕਾਰ ਵਜੋਂ ਸ਼ਰਧਾਂਜਲੀ ਪਰੇਡ ਕਰਵਾਈ ਜਾਂਦੀ ਹੈ। ਇਸ ਮੌਕੇ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਜਾਂਦਾ ਹੈ। ਇਸ ਦੇ ਨਾਲ ਹੀ ਰਾਜਾਂ, ਪੁਲਿਸ ਅਤੇ ਅਰਧ ਸੈਨਿਕ ਬਲਾਂ ਦੇ ਸ਼ਹੀਦ ਹੋਏ ਪੁਲਿਸ ਮੁਲਾਜ਼ਮਾਂ ਦੇ ਨਾਮ ਪੜ੍ਹ ਕੇ ਉਨ੍ਹਾਂ ਦੀਆਂ ਮਹਾਨ ਕੁਰਬਾਨੀਆਂ ਨੂੰ ਮਾਨਤਾ ਦਿੱਤੀ ਜਾਂਦੀ ਹੈ।

# ਪ੍ਰਗਤੀ ਅਧੀਨ ਸਮੂਹ ਵਿਕਾਸ ਕਾਰਜ ਤੈਅ ਸਮੇਂ ਅੰਦਰ ਮੁਕੰਮਲ ਕੀਤੇ ਜਾਣ : ਡਾ ਰਵਜੋਤ ਸਿੰਘ

***ਦੀਵਾਲੀ ਮੌਕੇ ਸੂਬੇ ਦੇ 19 ਜ਼ਿਲਿਆਂ ਵਿੱਚ 24 ਅਕਤੂਬਰ ਤੋਂ 7 ਨਵੰਬਰ ਤੱਕ ਮਨਾਇਆ ਜਾਵੇਗਾ ਸਵੱਛਤਾ ਪੰਦਰਵਾੜਾ**
***ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕਾਰਜਸ਼ੀਲ**

ਚੰਡੀਗੜ੍ਹ, 21 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਸਮੂਹ ਕਮਿਸ਼ਨਰ ਨਗਰ ਨਿਗਮ, ਵਧੀਕ ਡਿਪਟੀ ਕਮਿਸ਼ਨਰਾਂ ਅਤੇ ਕਾਰਜ਼ ਸਾਧਕ ਅਫਸਰਾਂ ਨੂੰ ਸੂਬੇ ਅੰਦਰ ਚੱਲ ਰਹੇ ਸਮੁੱਚੇ ਪ੍ਰਗਤੀ ਅਧੀਨ ਵਿਕਾਸ ਕਾਰਜਾਂ ਨੂੰ ਨਿਰਧਾਰਿਤ ਸਮੇਂ ਵਿੱਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।



ਅੱਜ ਇੱਥੇ ਮਿਉਂਸੀਪਲ ਭਵਨ ਵਿਖੇ ਕੀਤੀ ਮੀਟਿੰਗ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹਿਰ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹਈਆ ਕਰਵਾਉਣ ਲਈ ਲਗਾਤਾਰ ਕਾਰਜ ਕਰ ਰਹੀ ਹੈ।

ਡਾ ਰਵਜੋਤ ਸਿੰਘ ਨੇ ਅੱਗੇ ਕਿਹਾ ਕਿ ਦੀਵਾਲੀ ਦੇ ਮੌਕੇ ਪੰਜਾਬ ਦੇ 19 ਜਿ਼ਲਿਆਂ ਅੰਮ੍ਰਿਤਸਰ, ਬਠਿੰਡਾ, ਫਰੀਦਕੋਟ , ਫਿਰੋਜ਼ਪੁਰ, ਫਾਜ਼ਿਲਕਾ, ਸ੍ਰੀ ਫਤਿਹਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਲੁਧਿਆਣਾ, ਮਾਨਸਾ, ਮੋਗਾ, ਮਲੇਰਕੋਟਲਾ, ਪਟਿਆਲਾ, ਪਠਾਨਕੋਟ, ਰੂਪਨਗਰ, ਸੰਗਰੂਰ, ਸ੍ਰੀ ਭਗਤ ਸਿੰਘ ਨਗਰ, ਐਸ ਏ ਐਸ ਨਗਰ, ਤਰਨਤਾਰਨ ਵਿੱਚ ਸਵੱਛਤਾ ਪੰਦਰਵਾੜੇ 24 ਅਕਤੂਬਰ ਤੋਂ 7 ਨਵੰਬਰ ਤੱਕ ਮਨਾਇਆ ਜਾ ਰਿਹਾ ਹੈ। ਇਸ ਸਵੱਛਤਾ ਮੁਹਿੰਮ ਦਾ ਉਦੇਸ਼ ਸੂਬੇ ਦੇ ਸ਼ਹਿਰਾਂ ਨੂੰ ਸਾਫ ਸੁਥਰਾ ਬਣਾਉਣਾ ਹੈ। ਉਨ੍ਹਾਂ ਨੇ ਕਮਿਸ਼ਨਰਾਂ ਅਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਕਿਹਾ ਕਿ ਉਹ ਇਸ ਮੁਹਿੰਮ ਬਾਰੇ ਸਥਾਨਕ ਵਿਧਾਇਕਾਂ ਅਤੇ ਸੰਗਠਨਾਂ ਨਾਲ ਤਾਲਮੇਲ ਕਰਨ। ਉਨ੍ਹਾਂ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਇਸ ਸਫਾਈ ਮੁਹਿੰਮ ਵਿੱਚ ਸਾਡਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਕੋਈ ਵੀ ਕੰਮ ਆਮ ਜਨਤਾ ਦੇ ਸਹਿਯੋਗ ਤੋਂ ਬਿਨਾਂ ਮੁਕੰਮਲ ਨਹੀਂ ਹੋ ਸਕਦਾ ਹੈ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਪਾਸੋਂ ਵੱਖ-ਵੱਖ ਸਕੀਮਾਂ ਜਿਵੇਂ ਕਿ 15ਵੇਂ ਵਿੱਤ ਕਮਿਸ਼ਨ ਦੀ ਅਣਵਰਤੀ ਰਾਸ਼ੀ, ਕੇਂਦਰ ਸਰਕਾਰ ਵੱਲੋਂ ਸਪਾਂਸਰਡ ਸਕੀਮਾਂ ਦੀ ਅਣਵਰਤੀ ਰਾਸ਼ੀ ਅਤੇ ਐਸ.ਐਨ.ਏ. ਖਾਤੇ ਵਿੱਚ ਬਕਾਇਆ ਫੰਡਾਂ ਬਾਰੇ ਰੀਵਿਊ ਕੀਤਾ ਅਤੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਲਈ ਅਲਾਟ ਹੋਏ ਫੰਡਾਂ ਨੂੰ ਜਲਦੀ ਤੋਂ ਜਲਦੀ ਲੋਕਾਂ ਦੀ ਭਲਾਈ ਲਈ ਖਰਚਿਆਂ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਹੈ ਕਿ ਅਲਾਟ ਹੋਏ ਫੰਡਾਂ ਨੂੰ ਨਿਰਧਾਰਿਤ ਸਮਾਂ ਸੀਮਾਂ ਅੰਦਰ ਨਾ ਖਰਚ ਕਰਨ ਤੇ ਅਧਿਕਾਰੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਅੱਗੇ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਵੀ ਯਕੀਨੀ ਬਣਾਇਆ ਜਾਵੇ।ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨਾਲ ਸ਼ਹਿਰੀ ਸਥਾਨਕ ਇਕਾਈਆਂ ਵਿੱਚ ਸੀਵਰੇਜ਼ ਟਰੀਟਮੈਂਟ ਪਲਾਂਟਾਂ ਅਤੇ ਵਾਟਰ ਟਰੀਟਮੈਂਟ ਪਲਾਂਟ ਲਈ ਜਗ੍ਹਾ ਦੀ ਉਪਲੱਬਧਤਾ ਬਾਰੇ ਵਿਸਥਾਰ 'ਚ ਚਰਚਾ ਕੀਤੀ।

ਸਥਾਨਕ ਸਰਕਾਰਾਂ ਮੰਤਰੀ ਨੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਜਿਥੇ ਵੀ ਸੀਵੇਰਜ ਟਰੀਟਮੈਂਟ ਪਲਾਂਟ ਅਤੇ ਵਾਟਰ ਟਰੀਟਮੈਂਟ ਪਲਾਂਟ ਲਈ ਜਗ੍ਹਾ ਦੀ ਚੋਣ ਕਰਨ ਵਿੱਚ ਦਿੱਕਤ ਪੇਸ਼ ਆ ਰਹੀ ਹੋਵੇ, ਉੱਥੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਵਾਟਰ ਟਰੀਟਮੈਂਟ ਪਲਾਂਟਾਂ ਲਈ ਯੋਗ ਜਗ੍ਹਾ ਦੀ ਚੋਣ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਨਿਰਵਿਘਨ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਪ੍ਰੋਪਰਟੀ ਟੈਕਸ ਅਤੇ ਸਟਰੀਟ ਲਾਈਟਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਸਹਿਰ ਨਿਵਾਸੀਆਂ ਨੂੰ ਡੋਰ ਟੂ ਡੋਰ ਸਰਵਿਸ ਦੇਣ ਦੇ ਨਿਰਦੇਸ਼ ਦਿੱਤੇ।

ਮੰਤਰੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਉਹ ਸ਼ਹਿਰੀ ਸਥਾਨਕ ਇਕਾਈਆਂ ਵਿੱਚ ਚਲ ਰਹੇ ਵਿਕਾਸ ਕਾਰਜਾਂ ਅਤੇ ਅਲਾਟ ਹੋਏ ਫੰਡਾਂ ਨੂੰ ਖਰਚਣ ਬਾਰੇ ਹਫਤਾਵਾਰੀ ਮੀਟਿੰਗਾਂ ਕੀਤੀ ਜਾਵੇ ਤਾਂ ਜੋ ਸ਼ਹਿਰਾਂ ਦੇ ਕੰਮਾਂ ਨੂੰ ਸੁਚੱਜੇ ਢੰਗ ਨਾਲ ਨਿਪਟਾਇਆ ਜਾ ਸਕੇ।

ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸਾਫ਼ ਸੁਥਰਾ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਫੀਲਡ ਅਧਿਕਾਰੀਆਂ ਨੂੰ ਕਿਹਾ ਕਿ ਆਪਣੇ ਅਧੀਨ ਆਉਂਦੇ ਏਰੀਏ ਅਧੀਨ ਰੋਜ਼ਾਨਾ ਸਾਫ਼-ਸਫਾਈ ਕਰਵਾਈ ਜਾਣੀ ਯਕੀਨੀ ਬਣਾਈ ਜਾਵੇ।

ਪੀ.ਐਮ.ਆਈ.ਡੀ.ਸੀ. ਦੇ ਸੀ.ਈ.ਓ ਦੀਪਤੀ ਉੱਪਲ ਨੇ ਕਿਹਾ ਕਿ ਲੋੜ ਅਨੁਸਾਰ ਸਮੇਂ-ਸਮੇਂ ਤੇ ਸੀਵਰੇਜ਼ ਦੀ ਸਫਾਈ ਨੂੰ ਵੀ ਯਕੀਨੀ ਬਣਾਇਆ ਜਾਵੇ ਤਾਂ ਜੋ ਸੀਵਰੇਜ਼ ਬਲਾਕ ਹੋ ਕੇ ਗੰਦਾਂ ਪਾਣੀ ਬਾਹਰ ਗਲੀਆਂ ਅਤੇ ਸੜਕਾਂ 'ਤੇ ਨਾ ਆਵੇ।

ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ ਨੇ ਕੈਬਨਿਟ ਮੰਤਰੀ ਦੇ ਨਿਰਦੇਸ਼ਾਂ ਉੱਤੇ ਇਹ ਸਮੀਖਿਆ ਮੀਟਿੰਗ ਨਿਰੰਤਰ ਜਾਰੀ ਰਹਿਣਗੀਆਂ।







PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com

CALL JAG FOR A QUICK & FREE HOME EVALUATION
www BramptonTopRealtor.com www BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

LISTED IN *BRAMPTON*
TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸਾਂਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜਿਟ, ਨਿਊਂ ਅਪਲਾਂਇਸਿਸ

LISTED IN *BRAMPTON*
BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

LISTED IN *MISSISSAUGA*
BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਂਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

LISTED IN *CAMBRIDGE*
SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

FREE
- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022